ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2377 | 16 February, 2026 Monday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਰੋਮਾਂਚਕ ਕ੍ਰਿਕੇਟ ਮੁਕਾਬਲੇ 'ਚ ਭਾਰਤ ਨੇ ਪਾਕਿਸਤਾਨ ਨੂੰ 61 ਦੌੜਾਂ ਨਾਲ ਹਰਾਇਆ

ਕੋਲੰਬੋ
ਸਾਂਝੀ ਸੋਚ ਬਿਊਰੋ

ਟੀ-20 ਵਿਸ਼ਵ ਕੱਪ 2026 ਦੇ ਸਭ ਤੋਂ ਵੱਡੇ ਮੁਕਾਬਲੇ ਵਿੱਚ ਭਾਰਤ ਨੇ ਪਾਕਿਸਤਾਨ ਨੂੰ ਬੁਰੀ ਤਰ੍ਹਾਂ ਹਰਾ ਕੇ ਸ਼ਾਨਦਾਰ ਜਿੱਤ ਦਰਜ ਕੀਤੀ ਹੈ। ਕੋਲੰਬੋ ਵਿੱਚ ਖੇਡੇ ਗਏ ਇਸ ਮੈਚ ਵਿੱਚ ਭਾਰਤ ਨੇ 61 ਦੌੜਾਂ ਨਾਲ ਜਿੱਤ ਹਾਸਲ ਕਰਕੇ ਸੁਪਰ-8 ਪੜਾਅ ਲਈ ਆਪਣੀ ਟਿਕਟ ਪੱਕੀ ਕਰ ਲਈ ਹੈ। ਇਸ ਜਿੱਤ ਦੇ ਨਾਲ ਹੀ ਭਾਰਤ ਗਰੁੱਪ-ਏ ਵਿੱਚ 6 ਅੰਕਾਂ ਨਾਲ ਸਿਖਰ 'ਤੇ ਪਹੁੰਚ ਗਿਆ ਹੈ।

ਈਸ਼ਾਨ ਕਿਸ਼ਨ ਦੀ ਤੂਫ਼ਾਨੀ ਬੱਲੇਬਾਜ਼ੀ

ਭਾਰਤ ਵੱਲੋਂ ਪਹਿਲਾਂ ਬੱਲੇਬਾਜ਼ੀ ਕਰਦਿਆਂ ਈਸ਼ਾਨ ਕਿਸ਼ਨ ਨੇ ਪਾਕਿਸਤਾਨੀ ਗੇਂਦਬਾਜ਼ਾਂ ਦੇ ਪਰਖੱਚੇ ਉਡਾ ਦਿੱਤੇ। ਉਨ੍ਹਾਂ ਨੇ ਮਹਿਜ਼ 40 ਗੇਂਦਾਂ ਵਿੱਚ 10 ਚੌਕਿਆਂ ਅਤੇ 3 ਛੱਕਿਆਂ ਦੀ ਮਦਦ ਨਾਲ 77 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ। ਹਾਲਾਂਕਿ ਅਭਿਸ਼ੇਕ ਸ਼ਰਮਾ ਜਲਦੀ ਆਊਟ ਹੋ ਗਏ ਸਨ, ਪਰ ਤਿਲਕ ਵਰਮਾ (25), ਕਪਤਾਨ ਸੂਰਿਆਕੁਮਾਰ ਯਾਦਵ (32) ਅਤੇ ਅੰਤ ਵਿੱਚ ਸ਼ਿਵਮ ਦੂਬੇ ਦੀਆਂ 27 ਦੌੜਾਂ ਦੀ ਬਦੌਲਤ ਭਾਰਤ ਨੇ 20 ਓਵਰਾਂ ਵਿੱਚ 7 ਵਿਕਟਾਂ 'ਤੇ 175 ਦੌੜਾਂ ਦਾ ਮਜ਼ਬੂਤ ਸਕੋਰ ਖੜ੍ਹਾ ਕੀਤਾ।

ਪਾਕਿਸਤਾਨ ਦੀ ਬੱਲੇਬਾਜ਼ੀ ਰਹੀ ਫੇਲ੍ਹ

176 ਦੌੜਾਂ ਦੇ ਟੀਚੇ ਦਾ ਪਿੱਛਾ ਕਰਨ ਉਤਰੀ ਪਾਕਿਸਤਾਨੀ ਟੀਮ ਦੀ ਸ਼ੁਰੂਆਤ ਬੇਹੱਦ ਮਾੜੀ ਰਹੀ। ਭਾਰਤੀ ਤੇਜ਼ ਗੇਂਦਬਾਜ਼ਾਂ ਨੇ ਪਾਵਰਪਲੇ ਵਿੱਚ ਹੀ ਪਾਕਿਸਤਾਨ ਦੀਆਂ 4 ਅਹਿਮ ਵਿਕਟਾਂ ਝਟਕਾ ਦਿੱਤੀਆਂ। ਸਾਹਿਬਜ਼ਾਦਾ ਫਰਹਾਨ ਜ਼ੀਰੋ 'ਤੇ ਆਊਟ ਹੋ ਗਏ, ਜਦਕਿ ਸੈਮ ਅਯੂਬ (6) ਅਤੇ ਕਪਤਾਨ ਸਲਮਾਨ ਅਲੀ ਆਗਾ (4) ਵੀ ਫੇਲ੍ਹ ਸਾਬਤ ਹੋਏ। ਤਜਰਬੇਕਾਰ ਬੱਲੇਬਾਜ਼ ਬਾਬਰ ਆਜ਼ਮ ਵੀ ਸਿਰਫ਼ 5 ਦੌੜਾਂ ਹੀ ਬਣਾ ਸਕੇ। ਪਾਕਿਸਤਾਨ ਵੱਲੋਂ ਸਿਰਫ਼ ਉਸਮਾਨ ਖਾਨ (44) ਨੇ ਕੁਝ ਸੰਘਰਸ਼



ਦਿਖਾਇਆ, ਪਰ ਪੂਰੀ ਟੀਮ 18 ਓਵਰਾਂ ਵਿੱਚ ਮਹਿਜ਼ 114 ਦੌੜਾਂ 'ਤੇ ਢੇਰ ਹੋ ਗਈ।

ਬੁਮਰਾਹ ਅਤੇ ਅਕਸ਼ਰ ਦਾ ਕਹਿਰ

ਭਾਰਤ ਦੀ ਜਿੱਤ ਵਿੱਚ ਗੇਂਦਬਾਜ਼ਾਂ ਨੇ ਅਹਿਮ ਭੂਮਿਕਾ ਨਿਭਾਈ। ਜਸਪ੍ਰੀਤ ਬੁਮਰਾਹ ਅਤੇ ਅਕਸ਼ਰ ਪਟੇਲ ਦੀ ਜੋੜੀ ਨੇ ਪਾਕਿਸਤਾਨੀ ਬੱਲੇਬਾਜ਼ਾਂ ਨੂੰ ਟਿਕਣ ਨਹੀਂ ਦਿੱਤਾ। ਦੋਵਾਂ ਨੇ 2-2 ਅਹਿਮ ਵਿਕਟਾਂ ਲੈ ਕੇ ਮੈਚ ਦਾ ਪਾਸਾ ਪਲਟ ਦਿੱਤਾ। ਅਕਸ਼ਰ ਪਟੇਲ ਨੇ ਸੈੱਟ ਬੱਲੇਬਾਜ਼ ਉਸਮਾਨ ਖਾਨ ਨੂੰ ਆਊਟ ਕਰਕੇ ਪਾਕਿਸਤਾਨ ਦੀਆਂ ਉਮੀਦਾਂ ਖ਼ਤਮ ਕਰ ਦਿੱਤੀਆਂ। ਵਿਸ਼ਵ ਕੱਪ ਦੇ ਇਤਿਹਾਸ ਵਿੱਚ ਭਾਰਤ ਅਤੇ ਪਾਕਿਸਤਾਨ ਵਿਚਾਲੇ ਹੁਣ ਤੱਕ 9 ਮੁਕਾਬਲੇ ਹੋਏ ਹਨ, ਜਿਨ੍ਹਾਂ ਵਿੱਚੋਂ ਭਾਰਤ ਨੇ 8 ਮੈਚ ਜਿੱਤ ਕੇ ਆਪਣੀ ਸਰਦਾਰੀ ਕਾਇਮ ਰੱਖੀ ਹੈ।

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding
Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Inderjeet Singh Mann
CA Lic# 0H82488
Anthem
Covered California | Certified Insurance Agent
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com
www.thepalfilms.com

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties

For more properties or business, contact us.






**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ **Pre-Approvals** ਪ੍ਰਾਪਤ ਕਰੋ

# LENDINGASSETS
Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੋਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਨਵੀਂ ਪੀੜ੍ਹੀ ਖੇਤੀ ਦੇ ਕਿੱਤੇ ਤੋਂ ਕਿਉਂ ਦੂਰ ਹੋ ਰਹੀ ਹੈ

SANJHI SOCH HD
ਮਨਜੀਤ ਮਾਨ
ਸਾਹਨੇਵਾਲੀ (ਮਾਨਸਾ)
ਮੋਬਾਈਲ 7009898044



ਪੰਜਾਬ ਦੀ ਧਰਤੀ ਸੰਸਾਰ ਦੇ ਉਹਨਾਂ ਜਰਖੇਜ਼ ਖਿੱਤਿਆਂ ਵਿੱਚ ਆਉਂਦੀ ਹੈ ਜਿਹੜੇ ਖੇਤੀਬਾੜੀ ਲਈ ਉਤੱਮ ਮੰਨੇ ਜਾਂਦੇ ਹਨ। ਇਸ ਕਰਕੇ ਹੀ ਮੁੱਢ ਤੋਂ ਪੰਜਾਬ ਅਤੇ ਖੇਤੀਬਾੜੀ ਦਾ ਰਿਸ਼ਤਾ ਨਹੁੰ-ਮਾਸ ਵਾਲਾ ਰਿਹਾ ਹੈ। ਪੰਜਾਬ ਦੀ ਬਹੁਗਿਣਤੀ ਆਬਾਦੀ ਸਿੱਧੇ ਜਾਂ ਅਸਿੱਧੇ ਤੌਰ ਤੇ ਖੇਤੀਬਾੜੀ ਨਾਲ ਜੁੜੀ ਹੋਈ ਹੋਣ ਕਰਕੇ ਹੀ ਇੱਥੋਂ ਦੀ ਆਰਥਿਕਤਾ, ਸਭਿਆਚਾਰ ਅਤੇ ਸਮਾਜਿਕ ਜੀਵਨ ਪੂਰੀ ਤਰ੍ਹਾਂ ਖੇਤੀਬਾੜੀ ਦੇ ਦੁਆਲੇ ਘੁੰਮਦਾ ਹੈ। ਖੇਤੀ ਕਰਕੇ ਹੀ ਤਾਂ ਪੰਜਾਬ ਨੂੰ ਭਾਰਤ ਦਾ ਅੰਨ ਭੰਡਾਰ ਕਿਹਾ ਜਾਂਦਾ ਹੈ। ਪਰ ਪਿਛਲੇ ਕੁਝ ਦਹਾਕਿਆਂ ਤੋਂ ਵੇਖਣ ਵਿੱਚ ਆਇਆ ਹੈ ਕਿ ਪੰਜਾਬ ਦੀ ਨੌਜਵਾਨੀ ਖੇਤੀ ਦੇ ਕਿੱਤੇ ਤੋਂ ਦੂਰ ਹੁੰਦੀ ਜਾ ਰਹੀ ਹੈ। ਉਹ ਆਪਣੇ ਇਸ ਪਿਤਾ ਪੁਰਖੀ ਕਿੱਤੇ ਨੂੰ ਛੱਡ ਕੇ ਨੌਕਰੀ ਜਾਂ ਹੋਰ ਕਿੱਤਿਆਂ ਵੱਲ ਰੁਚਿਤ ਹੋ ਰਹੀ ਹੈ। ਅਜੋਕੀ ਨੌਜਵਾਨੀ ਦਾ ਸਦੀਆਂ ਪੁਰਾਣੇ ਆਪਣੇ ਪਿਤਾ ਪੁਰਖੀ ਕਿੱਤੇ ਤੋਂ ਜਿੱਥੇ ਮੂੰਹ ਮੋੜਨਾ ਗੰਭੀਰ ਚਿੰਤਨ ਦਾ ਵਿਸ਼ਾ ਹੈ ਉੱਥੇ ਹੀ ਨਵੀਂ ਪੀੜ੍ਹੀ ਦੀ ਮਾਨਸਿਕਤਾ ਤੇ ਵੀ ਸਵਾਲ ਖੜ੍ਹੇ ਕਰਦਾ ਹੈ ਕਿ ਉਹ ਕਿਉਂ ਖੇਤੀ ਦੇ ਕਿੱਤੇ ਪ੍ਰਤੀ ਬਦਲ ਰਹੀ ਹੈ। ਜੇਕਰ ਗ਼ੌਰ ਨਾਲ ਵੇਖਿਆ ਜਾਵੇ ਤਾਂ ਅਜੋਕੀ ਨੌਜਵਾਨ ਪੀੜ੍ਹੀ ਦੇ ਖੇਤੀ ਦੇ ਧੰਦੇ ਤੋਂ ਮੋਹ ਭੰਗ ਹੋਣ ਦਾ ਕੋਈ ਇੱਕ ਕਾਰਨ ਨਹੀਂ ਬਲਕਿ ਇਸ ਪਿੱਛੇ ਬਹੁਤ ਸਾਰੇ ਕਾਰਨ ਨਜ਼ਰ ਆਉਂਦੇ ਹਨ। ਇਹਨਾਂ ਵਿੱਚੋਂ ਇੱਕ ਕਾਰਨ ਤਾਂ ਉਹ ਹੈ ਸੋ ਸਭ ਨੂੰ ਨਜ਼ਰ ਆਉਂਦਾ ਹੈ ਕਿ ਸਮੇਂ ਦੇ ਨਾਲ ਖੇਤੀਬਾੜੀ ਹੁਣ ਲਾਹੇਵੰਦ ਕਿੱਤਾ ਨਹੀਂ ਰਿਹਾ ਹੈ। ਉਹ ਸਮੇਂ ਲੱਦ ਗਏ ਹਨ ਜਦ ਕਿਹਾ ਜਾਂਦਾ ਸੀ ਕਿ ਡੂੰਘਾ ਵਾਹ ਲੈ ਹਲ਼ ਵੇ ਤੇਰੀ ਘਰੇ ਨੌਕਰੀ'' ਉਨ੍ਹਾਂ ਵੇਲਿਆਂ ਵਿੱਚ ਲੋਕ ਨੌਕਰੀ ਨਾਲੋਂ ਖੇਤੀ ਨੂੰ ਤਰਜੀਹ ਦਿੰਦੇ ਸਨ। ਪਰ ਅੱਜ ਦੇ ਸਮੇਂ ਵਿੱਚ ਵਧ ਰਹੀ ਮਹਿੰਗਾਈ ਕਰਕੇ ਲਾਗਤ ਮੁੱਲ ਵਧ ਰਿਹਾ ਹੈ ਤੇ ਮੁਨਾਫਾ ਘਟ ਰਿਹਾ ਹੈ ਜਿਸ ਕਰਕੇ ਖੇਤੀ ਦਿਨੋ ਦਿਨ ਘਾਟੇ ਦਾ ਸੌਦਾ ਸਾਬਤ ਹੋ ਰਹੀ ਹੈ। ਮਹਿੰਗੇ ਬੀਜ਼, ਕੀਟਨਾਸ਼ਕ ਤੇ ਰੇਹਾਂ ਨੇ ਪੰਜਾਬ ਦੀ ਕਿਸਾਨੀ ਦੀ ਹਾਲਤ ਕਮਜ਼ੋਰ ਕਰ ਦਿੱਤੀ ਹੈ। ਇਸ ਕਰਕੇ ਵੀ ਨਵੀਂ ਪੀੜ੍ਹੀ ਖੇਤੀ ਦੇ ਕਿੱਤੇ ਤੋਂ ਮੂੰਹ ਮੋੜ ਰਹੀ ਹੈ। ਇਸ ਤੋਂ ਇਲਾਵਾ ਅੱਜ ਹਰ ਪਰਿਵਾਰ ਦੇ ਖ਼ਰਚੇ ਹੀ ਇੰਨੇ ਵਧ ਗਏ ਹਨ ਕਿ ਉਹ ਇਕੱਲੇ ਖੇਤੀ ਦੇ ਕਿੱਤੇ ਨਾਲ ਪੂਰੇ ਨਹੀਂ ਹੋ ਰਹੇ ਹਨ। ਖੇਤੀ ਇੱਕ ਸਬਰ ਵਾਲਾ ਕਿੱਤਾ ਹੈ ਜਿਸ ਵਿੱਚ ਤੁਹਾਨੂੰ ਪਹਿਲਾਂ ਛੇ ਮਹੀਨੇ ਮਿਹਨਤ ਕਰਨੀ ਪੈਂਦੀ ਹੈ ਫਿਰ ਉਸ ਤੋਂ ਬਾਅਦ ਫ਼ਲ ਮਿਲਦਾ ਹੈ ਪਰ ਅਜੋਕੀ ਜੀਵਨ ਜਾਂਚ ਵਿੱਚ ਨਿੱਤ ਰੁਪਏ ਚਾਹੀਦੇ ਹਨ ਜਿਸ ਕਰਕੇ ਵੀ ਖੇਤੀ ਦੂਜੇ ਕਿੱਤਿਆਂ ਦੇ ਮੁਕਾਬਲੇ ਪਛੜ ਗਈ ਹੈ ਕਿਉਂਕਿ ਹੋਰ ਕੰਮ ਧੰਦੇ ਵਿੱਚ ਰੋਜ਼ ਦੀ ਰੋਜ਼ ਕਮਾਈ ਹੁੰਦੀ ਹੈ ਪਰ ਖੇਤੀ ਦੇ ਕਿੱਤੇ ਵਿੱਚ ਅਜਿਹਾ ਨਹੀਂ ਹੁੰਦਾ ਹੈ। ਇੱਕ ਗੱਲ ਹੋਰ ਕਿ ਇੱਥੇ ਆਪਾਂ ਇਕੱਲੀ ਮਹਿੰਗਾਈ ਨੂੰ ਵੀ ਜ਼ਿੰਮੇਵਾਰ ਨਹੀਂ ਠਹਿਰਾਅ ਸਕਦੇ ਹਾਂ। ਇਸ ਦੇ ਨਾਲ ਅਜੋਕਾ ਖ਼ਪਤ ਸੱਭਿਆਚਾਰ ਵੀ ਸਾਡੀ ਨੌਜਵਾਨ ਪੀੜ੍ਹੀ ਨੂੰ ਖੇਤੀਬਾੜੀ ਤੋਂ ਦੂਰ ਕਰਨ ਵਿੱਚ ਬਹੁਤ ਹੱਦ ਤੱਕ ਜ਼ਿੰਮੇਵਾਰ ਹੈ। ਅੱਜ ਦੇ ਸਮੇਂ ਵਿੱਚ ਕਿਹਾ ਜਾਂਦਾ ਹੈ ਕਿ ਖਾਓ ਪੀਓ ਐਸ਼ ਕਰੋ ਇਸ ਜੱਗ ਤੋਂ ਕੁਝ ਨਹੀਂ ਲੈ ਜਾਣਾ ਵਾਲੇ ਫ਼ਲਸਫ਼ੇ ਨੇ ਵੀ ਨੌਜਵਾਨੀ ਨੂੰ ਬਹੁਤ ਜ਼ਿਆਦਾ ਪ੍ਰਭਾਵਿਤ ਕੀਤਾ ਹੈ। ਇਸ ਫ਼ਲਸਫ਼ੇ ਤੇ ਚੱਲਦਿਆਂ ਹੀ ਉਹ ਆਪਣੇ ਪੁਰਖਿਆਂ ਵਾਂਗ ਜ਼ਮੀਨ ਨਾਲ ਨਹੀਂ ਜੁੜ ਰਹੇ ਹਨ ਜਿਸ ਕਰਕੇ ਉਹ ਬੇਕਿਰਕ ਹੋ ਕੇ ਜ਼ਮੀਨਾਂ ਵੇਚ ਰਹੇ ਹਨ। ਅੱਜ ਸਾਡੇ ਆਲ਼ੇ ਦੁਆਲ਼ੇ ਗੀਤ ਸੰਗੀਤ ਤੇ ਫ਼ਿਲਮਾਂ ਜ਼ਰੀਏ ਅਜਿਹਾ ਮਾਹੌਲ ਸਿਰਜਿਆ ਜਾ ਰਿਹਾ ਹੈ ਜਿਸ ਵਿੱਚ ਜ਼ਮੀਨ ਵੇਚਣ ਵਾਲੇ ਦੀ ਵਡਿਆਈ ਕੀਤੀ ਜਾ ਰਹੀ ਹੈ। ਅਜੋਕੇ ਗੀਤਾਂ ਵਿੱਚ ਇਹ ਗੱਲ ਆਮ ਵੇਖਣ ਸੁਣਨ ਨੂੰ ਮਿਲਦੀ ਹੈ ਕਿ ਜੱਟ ਦਾ ਕਿੱਲਾ ਕਰੋੜ ਦਾ ਹੋ ਗਿਆ ਹੈ ਉਸਨੂੰ ਕੰਮ ਕਰਨ ਦੀ ਕੀ ਲੋੜ ਹੈ। ਜੱਟ ਤਾਂ ਜ਼ਮੀਨ ਵੇਚ ਕੇ ਸਾਰੇ ਚਾਅ ਪੂਰੇ ਕਰ ਲਵੇਗਾ। ਕਹਿਣ ਦਾ ਭਾਵ ਨੌਜਵਾਨੀ ਨੂੰ ਜ਼ਮੀਨ ਵੇਚਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਅਜਿਹਾ ਮਾਹੌਲ ਵੀ ਕਿਤੇ ਨਾ ਕਿਤੇ ਨੌਜਵਾਨੀ ਦਾ ਜ਼ਮੀਨ ਤੋਂ ਮੋਹ ਤੋੜਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਪੁਰਾਣੇ ਸਮੇਂ ਵਿੱਚ ਲੋਕ ਭੁੱਖੇ ਮਰ ਜਾਂਦੇ ਸਨ ਪਰ ਛੇਤੀ ਕਿਤੇ ਆਪਣੀ ਜ਼ਮੀਨ ਨਹੀਂ ਵੇਚਦੇ ਸਨ ਕਿਉਂਕਿ ਉਹ ਜ਼ਮੀਨ ਨੂੰ ਮਾਂ ਦੇ ਬਰਾਬਰ ਦਾ ਦਰਜਾ ਦਿੰਦੇ ਸਨ। ਜੇਕਰ ਕਦੇ ਕਿਸੇ ਨੂੰ ਮਜ਼ਬੂਰੀ ਵੱਸ ਜ਼ਮੀਨ ਵੇਚਣੀ ਵੀ ਪੈ ਜਾਂਦੀ ਸੀ ਤਾਂ ਉਹ ਸਾਲ ਛੇ ਮਹੀਨੇ ਚਾਰ ਬੰਦਿਆਂ ਦੇ ਮੱਥੇ ਨਹੀਂ ਲੱਗਦਾ ਸੀ ਕਿ ਲੋਕ ਕੀ ਕਹਿਣਗੇ ਵੀ ਇਸ ਨੇ ਆਪਣੀ ਜ਼ਮੀਨ ਹੀ ਵੇਚ ਦਿੱਤੀ ਹੈ। ਪਰ ਅੱਜ ਲੋਕ ਜ਼ਮੀਨ ਵੇਚਣ ਤੋਂ ਸ਼ਰਮ ਮਹਿਸੂਸ ਨਹੀਂ ਕਰਦੇ ਬਲਕਿ ਮਾਣ ਨਾਲ ਦੱਸਦੇ ਹਨ ਕਿ ਮੈਂ ਕਰੋੜ ਦਾ ਕਿੱਲਾ ਵੇਚਿਆ ਹੈ। ਅਜੋਕੀ ਨੌਜਵਾਨੀ ਵਿੱਚ ਉਹ ਪੁਰਾਣੇ ਸਮੇਂ ਵਾਲੀ ਜੱਟ ਤੇ ਜ਼ਮੀਨ ਵਿਚਲੀ ਭਾਵਆਤਮਿਕ ਸਾਂਝ ਹੌਲੀ ਹੌਲੀ ਖ਼ਤਮ ਹੋਣ ਕਰਕੇ ਵੀ ਉਹ ਖੇਤੀਬਾੜੀ ਤੋਂ ਦੂਰ ਹੁੰਦੀ ਜਾ ਰਹੀ ਹੈ। ਇਸ ਵਿੱਚ ਹੀ ਪਰਵਾਸ ਵਾਲਾ ਕਾਰਨ ਵੀ ਜੁੜਿਆ ਹੋਇਆ ਹੈ ਕਿਉਂਕਿ ਪਿਛਲੇ ਕੁਝ ਦਹਾਕਿਆਂ ਅੰਦਰ ਚੰਗਾ ਜੀਵਨ ਜਿਊਣ ਦੀ ਤਲਾਸ਼ ਪੰਜਾਬ ਦੀ ਨੌਜਵਾਨੀ ਵੱਡੀ ਗਿਣਤੀ ਵਿੱਚ ਵਿਦੇਸ਼ ਪੜ੍ਹਨ ਗਈ ਹੈ। ਜਿਸ ਵਿੱਚ ਜ਼ਿਆਦਾ ਗਿਣਤੀ ਛੋਟੀ ਕਿਸਾਨੀ ਨਾਲ ਸਬੰਧਿਤ ਮੁੰਡੇ ਕੁੜੀਆਂ ਦੀ ਹੈ ਜਿਨ੍ਹਾਂ ਨੂੰ ਉਨ੍ਹਾਂ ਦੇ ਮਾਪਿਆਂ ਨੇ ਨਾ ਚਾਹੁੰਦੇ ਹੋਏ ਵੀ ਆਪਣੀ ਜ਼ਮੀਨ ਵੇਚ ਕੇ ਵਿਦੇਸ਼ ਭੇਜਿਆ ਹੈ। ਇਸ ਪਰਵਾਸ ਨੇ ਪੰਜਾਬ ਦੇ ਪਤਾ ਹੀ ਨਹੀਂ ਕਿੰਨੇ ਪਰਿਵਾਰਾਂ ਨੂੰ ਬੇਜ਼ਮੀਨੇ ਬਣਾ ਦਿੱਤਾ ਹੈ। ਇਸ ਤਰ੍ਹਾਂ ਨਵੀਂ ਪੀੜ੍ਹੀ ਦਾ ਇੱਕ ਹਿੱਸਾ ਵਿਦੇਸ਼ ਜਾਣ ਕਰਕੇ ਵੀ ਖੇਤੀ ਦੇ ਧੰਦੇ ਤੋਂ ਦੂਰ ਹੋ ਗਿਆ ਹੈ। ਇਸ ਦੇ ਨਾਲ ਹੀ ਵੱਡੇ ਸੜਕੀ ਮਾਰਗਾਂ ਤੇ ਵਿਕਾਸ ਪ੍ਰੋਜੈਕਟਾਂ ਨੇ ਵੀ ਪੰਜਾਬ ਦੀ ਬਹੁਤ ਸਾਰੀ ਖੇਤੀ ਯੋਗ ਜ਼ਮੀਨ ਨੂੰ ਐਕਵਾਇਰ ਕਰਕੇ ਘਟਾਇਆ ਹੈ। ਪੰਜਾਬ ਵਿੱਚ ਛੋਟੀਆਂ ਜੋਤਾਂ ਦੀ ਗਿਣਤੀ ਤਾਂ ਪਹਿਲਾਂ ਹੀ ਵੱਧ ਹੈ ਤੇ ਉਪਰੋਂ ਅਜੋਕੇ ਵਿਕਾਸ ਨੇ ਇਸ ਸਥਿਤੀ ਨੂੰ ਹੋਰ ਗੰਭੀਰ ਬਣਾ ਦਿੱਤਾ ਹੈ। ਇਸ ਕਰਕੇ ਅੱਜ ਮਹਿੰਗਾਈ ਦੇ ਯੁੱਗ ਵਿੱਚ ਘੱਟ ਜ਼ਮੀਨ ਵਾਲੇ ਪਰਿਵਾਰ ਖੇਤੀ ਨੂੰ ਛੱਡ ਕੇ ਦੂਜਿਆਂ ਕਿੱਤਿਆਂ ਵੱਲ ਰੁਚਿਤ ਹੋ ਰਹੇ ਹਨ। ਇਸ ਤੋਂ ਇਲਾਵਾ ਨਵੀਂ ਪੀੜ੍ਹੀ ਦੀ ਮਾਨਸਿਕਤਾ ਤੇ ਸਮਾਜਿਕ ਰੁਤਬਾ ਵੀ ਉਸ ਨੂੰ ਖੇਤੀਬਾੜੀ ਤੋਂ ਦੂਰ ਕਰਨ ਵਿੱਚ ਕਿਤੇ ਨਾ ਕਿਤੇ ਕਾਰਨ ਬਣ ਰਿਹਾ ਹੈ। ਪੁਰਾਣੇ ਸਮੇਂ ਵਿੱਚ ਰਿਸ਼ਤਾ ਲੱਭਣ ਵੇਲੇ ਖੇਤੀ ਕਰਦਾ ਮੁੰਡਾ ਮਾਪਿਆਂ ਦੀ ਪਹਿਲੀ ਪਸੰਦ ਹੁੰਦਾ ਸੀ ਪਰ ਵਕਤ ਦੇ ਬਦਲਣ ਨਾਲ ਅੱਜ ਖੇਤੀ ਕਰਦੇ ਮੁੰਡੇ ਨੂੰ ਅਨਪੜ੍ਹ ਤੇ ਪਛੜਿਆ ਸਮਝਿਆ ਜਾਣ ਲੱਗ ਪਿਆ ਹੈ ਜਿਸ ਕਰਕੇ ਨਵੀਂ ਪੀੜ੍ਹੀ ਦੀਆਂ ਕੁੜੀਆਂ ਦੀ ਮਾਨਸਿਕਤਾ ਹੀ ਅਜਿਹੀ ਬਣ ਗਈ ਹੈ ਕਿ ਉਹ ਖੇਤੀ ਕਰਦੇ ਮੁੰਡੇ ਨਾਲ ਰਿਸ਼ਤਾ ਕਰਵਾ ਕੇ ਘੱਟ ਰਾਜ਼ੀ ਹਨ। ਅਜੋਕੇ ਮਾਪੇ ਵੀ ਨੌਕਰੀਪੇਸ਼ਾ ਜਾਂ ਵਿਦੇਸ਼ ਗਏ ਮੁੰਡੇ ਨੂੰ ਤਰਜੀਹ ਦੇਣ ਲੱਗ ਪਏ ਹਨ। ਜਿਸ ਕਰਕੇ ਅਜੋਕੀ ਨੌਜਵਾਨੀ ਖੇਤੀ ਤੋਂ ਖਹਿੜਾ ਛੁਡਾ ਰਹੀ ਹੈ। ਇੱਥੇ ਇਸ ਗੱਲ ਦਾ ਜ਼ਿਕਰ ਕਰਨਾ ਵੀ ਬਣਦਾ ਹੈ ਕਿ ਆਜ਼ਾਦੀ ਤੋਂ ਬਾਅਦ ਅੱਜ ਤੱਕ ਕਿਸੇ ਵੀ ਸਰਕਾਰ ਨੇ ਖੇਤੀ ਸੰਬੰਧੀ ਕੋਈ ਠੋਸ ਨੀਤੀ ਨਹੀਂ ਬਣਾਈ ਹੈ। ਜਿਸ ਕਰਕੇ ਖੇਤੀ ਵਿੱਚ ਦਿਨੋ ਦਿਨ ਨਿਘਾਰ ਆਇਆ ਹੈ। ਜੇਕਰ ਆਪਾਂ ਪਿਛਲੇ ਸੱਤਰ ਸਾਲਾਂ ਦਾ ਲੇਖਾ ਜੋਖਾ ਕਰੀਏ ਤਾਂ ਵੇਖਦੇ ਹਾਂ ਕਿ ਖੇਤੀ ਨਾਲ ਸੰਬੰਧਿਤ ਵਸਤਾਂ ਦੀ ਕੀਮਤ ਵਿੱਚ ਤਾਂ ਸੌ ਗੁਣਾ ਵਾਧਾ ਹੋਇਆ ਹੈ ਪਰ ਫਸਲਾਂ ਦੇ ਭਾਅ ਵਿੱਚ ਸਿਰਫ਼ ਨਿਗੂਣਾ ਜਿਹਾ ਵਾਧਾ ਹੀ ਹੋਇਆ ਹੈ। ਜਿਸ ਨੂੰ ਵੇਖ ਕੇ ਲੱਗਦਾ ਹੈ ਕਿ ਸਰਕਾਰ ਵੀ ਖੇਤੀ ਦੇ ਕਿੱਤੇ ਪ੍ਰਤੀ ਬਹੁਤੀ ਗੰਭੀਰ ਨਹੀਂ ਹੈ। ਇਸ ਤਰ੍ਹਾਂ ਜੇਕਰ ਅਸੀਂ ਚਾਹੁੰਦੇ ਹਾਂ ਕਿ ਅਜੋਕੀ ਨੌਜਵਾਨੀ ਮੁੜ ਖੇਤੀ ਵੱਲ ਪਰਤੇ ਤਾਂ ਸਰਕਾਰ ਨੂੰ ਖੇਤੀ ਨੀਤੀ ਵਿੱਚ ਵੱਡੇ ਸੁਧਾਰ ਕਰਨੇ ਪੈਣਗੇ। ਸਰਕਾਰ ਖੇਤੀ ਨੂੰ ਨਵੀਂ ਤਕਨੀਕ ਨਾਲ ਜੋੜ ਕੇ ਕਿਸਾਨੀ ਨੂੰ ਫ਼ਸਲੀ ਚੱਕਰ ਵਿੱਚੋਂ ਕੱਢ ਕੇ ਸਹਾਇਕ ਧੰਦੇ (ਜਿਵੇਂ ਡੇਅਰੀ ਫਾਰਮਿੰਗ, ਮਧੂ-ਮੱਖੀ ਪਾਲਣ) ਆਦਿ ਅਪਣਾਉਣ ਲਈ ਪ੍ਰੇਰਿਤ ਕਰਨਾ ਪਵੇਗਾ। ਇਸ ਦੇ ਨਾਲ ਹੀ ਸਰਕਾਰ ਨੂੰ ਫ਼ਸਲਾਂ ਦੇ ਵਾਜਬ ਭਾਅ ਯਕੀਨੀ ਬਣਾਉਣ ਵੱਲ ਵੀ ਧਿਆਨ ਦੇਣਾ ਹੋਵੇਗਾ। ਅੱਜ ਖੇਤੀ ਨੂੰ ਸਿਰਫ਼ ਢਿੱਡ ਭਰਨ ਦਾ ਸਾਧਨ ਨਹੀਂ, ਸਗੋਂ ਇੱਕ ਵਪਾਰ ਵਜੋਂ ਵਿਕਸਤ ਕਰਨ ਦੀ ਲੋੜ ਹੈ। ਫਿਰ ਹੀ ਨਵੀਂ ਪੀੜ੍ਹੀ ਖੇਤੀ ਦੇ ਕਿੱਤੇ ਨਾਲ ਜੁੜ ਸਕਦੀ ਹੈ।

PERSONAL CONTACT NOTICE

To,
Rupinder Kaur, daughter of Late Harbans Singh Sandhu
If you are reading this notice, please contact Rajdeep Singh regarding an important personal matter.
You may contact me at:Phone: 669-290-3084
Email: Rajdeepsinghpooni72@gmail.com
This notice is published solely to request contact.

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

REALTY
UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਕੈਲੀਫੋਰਨੀਆ 'ਚ ਲਾਪਤਾ ਭਾਰਤੀ ਵਿਦਿਆਰਥੀ ਦੀ ਮਿਲੀ ਲਾਸ਼

**ਕੈਲੀਫੋਰਨੀਆ ਸਾਂਝੀ ਸੋਚ ਬਿਊਰੋ**



ਅਮਰੀਕਾ ਦੇ ਕੈਲੀਫੋਰਨੀਆ ਵਿੱਚ ਲਾਪਤਾ ਹੋਏ 22 ਸਾਲਾ ਭਾਰਤੀ ਵਿਦਿਆਰਥੀ ਦੀ ਲਾਸ਼ ਮਿਲੀ ਹੈ। ਕਰਨਾਟਕ ਦਾ ਸਾਕੇਤ ਸ਼੍ਰੀਨਿਵਾਸਈਆ 9 ਫਰਵਰੀ ਤੋਂ ਲਾਪਤਾ ਸੀ ਜਿਸ ਤੋਂ ਬਾਅਦ ਉਸਦੀ ਦੀ ਤੇਜ਼ੀ ਨਾਲ ਭਾਲ ਕੀਤੀ ਜਾ ਰਹੀ ਸੀ। ਸਾਕੇਤ ਸ਼੍ਰੀਨਿਵਾਸਈਆ ਅਮਰੀਕਾ ਵਿੱਚ ਰਹਿ ਕੇ ਪੋਸਟ ਗ੍ਰੈਜੂਏਸ਼ਨ ਦੀ ਪੜ੍ਹਾਈ ਕਰ ਰਿਹਾ ਸੀ ਅਤੇ ਕੈਲੀਫੋਰਨੀਆ ਯੂਨੀਵਰਸਿਟੀ, ਬਰਕਲੇ ਦਾ ਵਿਦਿਆਰਥੀ ਸੀ।ਸੈਨ ਫਰਾਂਸਿਸਕੋ ਸਥਿਤ ਭਾਰਤੀ ਦੂਤਾਵਾਸ ਨੇ ਪੁਸ਼ਟੀ ਕੀਤੀ ਹੈ ਕਿ ਪੁਲਿਸ ਨੇ ਭਾਰਤੀ ਵਿਦਿਆਰਥੀ ਦੀ ਲਾਸ਼ ਬਰਾਮਦ ਕੀਤੀ ਹੈ। ਭਾਰਤੀ ਦੂਤਾਵਾਸ ਨੇ ਆਪਣੀ ਐਕਸ (ਯ) ਪੋਸਟ ਵਿੱਚ ਲਿਖਿਆ, 'ਇਹ ਸੂਚਿਤ ਕਰਦਿਆਂ ਡੂੰਘਾ ਅਫ਼ਸੋਸ ਹੋ ਰਿਹਾ ਹੈ ਕਿ ਸਥਾਨਕ ਪੁਲਿਸ ਨੇ ਲਾਪਤਾ ਭਾਰਤੀ ਵਿਦਿਆਰਥੀ ਸਾਕੇਤ ਸ਼੍ਰੀਨਿਵਾਸਈਆ ਦੀ ਲਾਸ਼ ਬਰਾਮਦ ਹੋਣ ਦੀ ਪੁਸ਼ਟੀ ਕਰ ਦਿੱਤੀ ਹੈ। ਇਸ ਬੇਹੱਦ ਔਖੇ ਸਮੇਂ ਵਿੱਚ ਅਸੀਂ ਉਨ੍ਹਾਂ ਦੇ ਪਰਿਵਾਰ ਪ੍ਰਤੀ ਆਪਣੀ ਡੂੰਘੀ ਸੰਵੇਦਨਾ ਪ੍ਰਗਟ ਕਰਦੇ ਹਾਂ। ਦੂਤਾਵਾਸ ਪਰਿਵਾਰ ਨੂੰ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕਰਨ ਲਈ ਤਿਆਰ ਹੈ, ਜਿਸ ਵਿੱਚ ਸਥਾਨਕ ਅਧਿਕਾਰੀਆਂ ਨਾਲ ਤਾਲਮੇਲ ਕਰਨਾ ਅਤੇ ਮ੍ਰਿਤਕ ਦੇਹ ਨੂੰ ਜਲਦੀ ਤੋਂ ਜਲਦੀ ਭਾਰਤ ਵਾਪਸ ਭੇਜਣ ਦਾ ਪ੍ਰਬੰਧ ਕਰਨਾ ਸ਼ਾਮਲ ਹੈ। ਸਾਡੇ ਅਧਿਕਾਰੀ ਪਰਿਵਾਰ ਦੇ ਸੰਪਰਕ ਵਿੱਚ ਹਨ ਅਤੇ ਸਾਰੀਆਂ ਜ਼ਰੂਰੀ ਰਸਮਾਂ ਅਤੇ ਸੇਵਾਵਾਂ ਵਿੱਚ ਉਨ੍ਹਾਂ ਦਾ ਸਹਿਯੋਗ ਕਰਨਗੇ।'

# ਗੁਰੂ ਮਿਲਾਪ ਗੁਰਦੁਆਰਾ ਸਾਹਿਬ ਵਿਖੇ ਸੁਖਮਣੀ ਸਾਹਿਬ ਦਾ ਪਾਠ ਕਰਵਾਇਆ ਗਿਆ

**ਫਰਿਜ਼ਨੋ ਸਾਂਝੀ ਸੋਚ ਬਿਊਰੋ**



ਅੱਜ ਫਰਿਜ਼ਨੋ ਸਿਟੀ ਵਿੱਚ ਗੁਰੂ ਮਿਲਾਪ ਗੁਰਦੁਆਰਾ ਸਾਹਿਬ ਵਿਖੇ ਸੁਖਮਨੀ ਸਾਹਿਬ ਦਾ ਪਾਠ ਆਰੰਭ ਕੀਤਾ ਗਿਆ ਅਤੇ ਲੰਗਰ ਲਗਾਇਆ ਗਿਆ। ਸ਼੍ਰੋਮਣੀ ਅਕਾਲੀ ਦਲ ਦੇ ਸਾਰੇ ਵਰਕਰਾਂ ਵੱਲੋਂ ਮਿਲ ਕੇ ਇਹ ਸੇਵਾ ਕਰਵਾਈ ਗਈ।ਉਹਨਾਂ ਨੇ ਸੁਖਮਣੀ ਸਾਹਿਬ ਦੇ ਪਾਠ ਦੇ ਨਾਲ ਸ਼੍ਰੋਮਣੀ ਅਕਾਲੀ ਦੀਆਂ 2027 ਦੀਆਂ ਪੰਜਾਬ ਚੋਣਾਂ ਦਾ ਆਗਾਜ਼ ਕੀਤਾ। ਇਸ ਮੌਕੇ ਸਪੈਸ਼ਲ ਤੌਰ ਤੇ ਪਰਵਿੰਦਰਪਾਲ ਸਿੰਘ ਰਾਠੌਰ, ਰਵਿੰਦਰ ਸਿੰਘ ਬੋਇਲ, ਸ਼ੇਰ ਸਿੰਘ ਚੌਹਾਨ, ਭੁਪਿੰਦਰ ਸਿੰਘ ਜਾਡਲਾ, ਦਵਿੰਦਰ ਸਿੰਘ ਬੀਲਾ, ਰਾਜ ਬਰਾੜ, ਲੰਬੜਦਾਰ ਬੈਂਸ, ਧਰਮਿੰਦਰ ਸਿੰਘ ਰਸਾਲਦਾਰ, ਕਮਵਰਜੀਤ ਸਿੰਗ ਚੌਹਾਨ, ਵਿਪਨ ਚੌਹਾਨ, ਨਾਨਕ ਸਿੰਘ , ਸੁੱਚਾ ਸਿੰਘ , ਗੁਰਜੋਤ ਸਿੰਘ ਚੌਹਾਨ, ਪਵਨਦੀਪ ਸਿੰਘ ਜਾਡਲਾ, ਅਕਾਸ਼ਦੀਪ ਸਿੰਗ ਜਾਡਲਾ, ਅਰਸ਼ ਔਜਲਾ, ਦਿਲਕਰਨ ਸੋਢੀ, ਗੋਲਡੀ ਚੌਹਾਨ, ਸਰਬਜੀਤ ਸਿੰਘ ਚੌਹਾਨ, ਫਨੀ ਮਾਨ, ਗੁਰਦਿੱਤ ਸਿੰਘ ਲੋਹਾਖੇੜੀ, ਨਰਿੰਦਰਪਾਲ ਸਿੰਘ ਚੌਧਰੀ, ਗੁਰਨਾਮ ਸਿੰਘ ਢੇਰੀ, ਸੁਰਿੰਦਰ ਸਿੰਘ ਸੈਦਖਿੜੀ, ਜਸਵਿੰਦਰਪਾਲ ਸਿੰਗ ਪਰਮਾਰ, ਅਸ਼ੋਕ ਫੌਜੀ, ਅੰਕਿਤ, ਵਿਪਨ ਰਾਠੌਰ ਹਾਜਰ ਸਨ। ਇਸ ਮੌਕੇ ਮੀਟਿੰਗ ਵਿੱਚ ਸਪੈਸ਼ਲ ਤੌਰ ਤੇ ਦਵਿੰਦਰ ਸਿੰਘ ਬੀਲਾ ਬੇਕਰਸਫੀਲਡ ਤੋਂ ਆਏ ਸਨ ਉਹਨਾਂ ਨੂੰ ਸਿਰੋਪਾਓ ਦੇ ਕੇ ਮਾਣ ਸਨਮਾਨ ਕੀਤਾ ਗਿਆ।ਰਾਜ ਬਰਾੜ ਅਤੇ ਬੈਂਸ ਨੂੰ ਵੀ ਸਿਰੋਪਾਓ ਦੇ ਕੇ ਉਨਾਂ ਦਾ ਮਾਣ ਕੀਤਾ ਗਿਆ।ਸਾਰਿਆਂ ਨੇ ਹੀ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਦੀ ਅਰਦਾਸ ਕਰਦਿਆਂ ਕਿਹਾ ਕਿ ਸੁਖਬੀਰ ਬਾਦਲ ਵਧੀਆ ਸੋਚ ਦੇ ਮਾਲਕ ਹਨ ਅਤੇ ਸਾਰੇ ਬ ਐਨਆਰਆਈ ਬਾਦਲ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ। 2027 'ਚ ਪੰਜਾਬ 'ਚ ਅਕਾਲੀ ਦਲ ਬਾਦਲ ਦੀ ਸਰਕਾਰ ਬਣੇਗੀ ਅਤੇ ਸੁਖਬੀਰ ਬਾਦਲ ਉਸਦੇ ਮੁੱਖਮੰਤਰੀ ਹੋਣਗੇ।

# ਸੋਸ਼ਲ ਮੀਡੀਆ ਇਨਫਲੂਐਂਸਰ ਹਨੀ ਸੇਠੀ ਗ੍ਰਿਫ਼ਤਾਰ

**ਦੋਰਾਹਾ ਸਾਂਝੀ ਸੋਚ ਬਿਊਰੋ**



ਪੁਲਿਸ ਨੇ ਇੱਕ ਸੋਸ਼ਲ ਮੀਡੀਆ ਇਨਫਲੂਐਂਸਰ, ਸਮਾਜ ਸੇਵਕ ਅਤੇ ਜੁੱਤੀਆਂ ਦੇ ਕਾਰੋਬਾਰੀ ਹਨੀ ਸੇਠੀ ਨੂੰ ਗ੍ਰਿਫ਼ਤਾਰ ਕੀਤਾ ਹੈ। ਉਸ 'ਤੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਦਾ ਦੋਸ਼ ਹੈ, ਜਿਸਦੀ ਪੁਸ਼ਟੀ ਡੋਪ ਟੈਸਟ ਤੋਂ ਹੋਈ ਹੈ।

ਪੁਲਿਸ ਨੇ ਉਸ ਵਿਰੁੱਧ ਐਨਡੀਪੀਐਸ ਐਕਟ ਤਹਿਤ ਕੇਸ ਦਰਜ ਕੀਤਾ ਹੈ। ਇਹ ਕਾਰਵਾਈ ਖੰਨਾ ਨੇੜੇ ਦੋਰਾਹਾ ਥਾਣਾ ਖੇਤਰ ਵਿੱਚ ਕੀਤੀ ਗਈ ਸੀ। ਪੁਲਿਸ ਨੂੰ ਪਹਿਲਾਂ ਹਨੀ ਸੇਠੀ ਦੀਆਂ ਗਤੀਵਿਧੀਆਂ ਬਾਰੇ ਸ਼ਿਕਾਇਤਾਂ ਮਿਲੀਆਂ ਸਨ। ਜਾਂਚ ਦੌਰਾਨ ਡਾਕਟਰੀ ਜਾਂਚ ਕੀਤੀ ਗਈ, ਜਿਸ ਵਿੱਚ ਨਸ਼ੀਲੇ ਪਦਾਰਥਾਂ ਦੀ ਵਰਤੋਂ ਦੀ ਪੁਸ਼ਟੀ ਹੋਈ।

ਦੋਰਾਹਾ ਥਾਣੇ ਦੇ ਐਸਐਚਓ ਆਕਾਸ਼ ਦੱਤ ਨੇ ਦੱਸਿਆ ਕਿ ਪੁਲਿਸ ਨੇ ਜਾਣਕਾਰੀ ਅਤੇ ਸ਼ੱਕ ਦੇ ਆਧਾਰ 'ਤੇ ਕਾਰਵਾਈ ਕੀਤੀ। ਨਸ਼ੀਲੇ ਪਦਾਰਥਾਂ ਦੀ ਵਰਤੋਂ ਦੀ ਪੁਸ਼ਟੀ ਕਰਨ ਵਾਲੀ ਮੈਡੀਕਲ ਰਿਪੋਰਟ ਤੋਂ ਬਾਅਦ, ਹਨੀ ਸੇਠੀ ਨੂੰ ਕਾਨੂੰਨੀ ਪ੍ਰਕਿਰਿਆਵਾਂ ਅਨੁਸਾਰ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਜਾਂਚ ਜਾਰੀ ਰਹੇਗੀ। ਦੱਸ ਦਈਏ ਕਿ ਹਨੀ ਸੇਠੀ ਸੋਸ਼ਲ ਮੀਡੀਆ 'ਤੇ ਬਹੁਤ ਸਰਗਰਮ ਹੈ ਅਤੇ ਅਕਸਰ ਆਪਣੇ ਬਿਆਨਾਂ ਅਤੇ ਗਤੀਵਿਧੀਆਂ ਕਾਰਨ ਪਹਿਲਾਂ ਤੋਂ ਹੀ ਵਿਵਾਦਾਂ ਵਿੱਚ ਰਹਿੰਦਾ ਹੈ।

# ਪੰਜਾਬੀ ਗਾਇਕ ਅਤੇ ਅਦਾਕਾਰ ਪਰਮੀਸ਼ ਵਰਮਾ ਵਿਵਾਦਾਂ 'ਚ ਘਿਰੇ, ਫੈਨਜ਼ ਨਾਲ ਹੋਈ ਬਹਿਸ

**ਨਵੀਂ ਦਿੱਲੀ ਸਾਂਝੀ ਸੋਚ ਬਿਊਰੋ**

ਪੰਜਾਬੀ ਗਾਇਕ ਅਤੇ ਅਦਾਕਾਰ ਪਰਮੀਸ਼ ਵਰਮਾ ਇੱਕ ਵਾਰ ਫਿਰ ਵਿਵਾਦਾਂ ਵਿੱਚ ਘਿਰ ਗਏ ਹਨ। ਦਿੱਲੀ ਵਿੱਚ ਇੱਕ ਲਾਈਵ ਸ਼ੋਅ ਦੌਰਾਨ, ਉਸਦੀ ਇੱਕ ਪ੍ਰਸ਼ੰਸਕ ਨਾਲ ਬਹਿਸ ਹੋ ਗਈ। ਜਿਸ ਤੋਂ ਬਾਅਦ ਉਸਨੇ ਅਚਾਨਕ ਗਾਉਣਾ ਬੰਦ ਕਰ ਦਿੱਤਾ ਅਤੇ ਸਟੇਜ ਤੋਂ ਉਸਨੂੰ ਥੱਪੜ ਦਿਖਾਇਆ। ਦੋਵਾਂ ਵਿਚਕਾਰ ਬਹਿਸ ਵੱਧ ਗਈ, ਜਿਸ ਕਾਰਨ ਪੁਲਿਸ ਅਤੇ ਪਰਮੀਸ਼ ਵਰਮਾ ਦੇ ਨਿੱਜੀ ਸੁਰੱਖਿਆ ਗਾਰਡ ਨੂੰ ਦਖਲ ਦੇਣਾ ਪਿਆ। ਪਰਮੀਸ਼ ਵਰਮਾ ਦੇ ਝਗੜੇ ਦਾ ਇਹ ਵੀਡੀਓ ਹੁਣ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ। ਵਾਇਰਲ ਵੀਡੀਓ ਵਿੱਚ, ਪਰਮੀਸ਼ ਵਰਮਾ ਬਹਿਸ ਕਰਦੇ ਦਿਖਾਈ ਦੇ ਰਿਹਾ ਹੈ, ਪਰਮੀਸ਼ ਵਰਮਾ ਅਤੇ ਪ੍ਰਸ਼ੰਸਕ ਵਿਚਕਾਰ ਗੱਲਬਾਤ ਇੱਕ ਮਿੰਟ ਤੋਂ ਵੱਧ ਸਮੇਂ ਤੱਕ ਬਹਿਸ ਹੋਈ। ਮਿਲੀ ਜਾਣਕਰੀ ਅਨੁਸਾਰ ਗਾਇਕ ਪਰਮੀਸ਼ ਵਰਮਾ 13 ਫਰਵਰੀ ਦੀ ਸ਼ਾਮ ਨੂੰ ਦਿੱਲੀ ਦੇ ਛਤਰਸਾਲ ਸਟੇਡੀਅਮ ਵਿੱਚ 'ਦਿੱਲੀ ਖੇਡ ਮਹਾਂਕੁੰਭ' ਦੇ ਉਦਘਾਟਨ ਸਮਾਰੋਹ ਵਿੱਚ ਲਾਈਵ ਪ੍ਰਦਰਸ਼ਨ ਕਰ ਰਹੇ ਸਨ। ਇਹ ਸਮਾਗਮ ਸ਼ਾਮ 5 ਵਜੇ ਸ਼ੁਰੂ ਹੋਇਆ ਅਤੇ ਦਾਖਲਾ ਮੁਫ਼ਤ ਸੀ। ਹਾਲਾਂਕਿ, ਰਜਿਸਟ੍ਰੇਸ਼ਨ ਲਾਜ਼ਮੀ ਸੀ।ਪਰਮੀਸ਼ ਵਰਮਾ ਦੇ ਸ਼ੋਅ ਵਿੱਚ ਕਾਫ਼ੀ ਭੀੜ ਸੀ। ਜਿਵੇਂ ਹੀ ਪ੍ਰਸ਼ੰਸਕ ਸਟੇਜ ਵੱਲ ਵਧ ਰਹੇ ਸਨ, ਵਰਮਾ ਨੇ ਗਾਉਣਾ ਬੰਦ ਕਰ ਦਿੱਤਾ ਅਤੇ ਉਨ੍ਹਾਂ ਨੂੰ ਪਿੱਛੇ ਹਟਣ ਲਈ ਕਿਹਾ। ਇਸ ਦੌਰਾਨ, ਇੱਕ ਪ੍ਰਸ਼ੰਸਕ ਨੇ ਵਰਮਾ ਬਾਰੇ ਅਪਮਾਨਜਨਕ ਟਿੱਪਣੀ ਕੀਤੀ। ਵਰਮਾ ਨੇ ਫਿਰ ਪ੍ਰਸ਼ੰਸਕ ਨੂੰ ਥੱਪੜ ਦਿਖਾਇਆ ਅਤੇ ਮਾਮਲਾ ਕਾਫੀ ਵਧ ਗਿਆ। ਸਥਿਤੀ ਨੂੰ ਵਧਦੇ ਦੇਖ ਕੇ, ਦਿੱਲੀ ਪੁਲਿਸ ਅਤੇ ਪਰਮੀਸ਼ ਦੇ ਨਿੱਜੀ ਗਾਰਡਾਂ ਨੇ ਦਖਲ ਦਿੱਤਾ ਅਤੇ ਸਥਿਤੀ ਨੂੰ ਸ਼ਾਂਤ ਕੀਤਾ।

# ਬੰਗਲਾਦੇਸ਼ਦੀ ਨਵੀਂ ਸਰਕਾਰ ਦਾ ਸਹੁੰ ਚੁੱਕ ਸਮਾਗਮ 17 ਫਰਵਰੀ ਨੂੰ, ਭਾਰਤ ਸਮੇਤ 13 ਦੇਸ਼ਾਂ ਨੂੰ ਸੱਦਾ

**ਢਾਕਾ ਸਾਂਝੀ ਸੋਚ ਬਿਊਰੋ**

ਬੰਗਲਾਦੇਸ਼ ਵਿੱਚ ਬੀ.ਐਨ.ਪੀ ਦੀ ਇਤਿਹਾਸਕ ਜਿੱਤ ਤੋਂ ਬਾਅਦ ਤਾਰਿਕ ਰਹਿਮਾਨ ਸਰਕਾਰ ਦੇ ਸਹੁੰ ਚੁੱਕ ਸਮਾਗਮ ਦੀਆਂ ਤਿਆਰੀਆਂ ਤੇਜ਼ ਹੋ ਗਈਆਂ ਹਨ। 17 ਫਰਵਰੀ ਨੂੰ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੇ ਮੁਖੀ ਤਾਰਿਕ ਰਹਿਮਾਨ ਬੰਗਲਾਦੇਸ਼ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣਗੇ। ਇਸ ਖਾਸ ਮੌਕੇ ਲਈ ਅੰਤਰਿਮ ਸਰਕਾਰ ਦੇ ਮੁੱਖ ਸਲਾਹਕਾਰ ਮੁਹੰਮਦ ਯੂਨਸ ਨੇ ਭਾਰਤ ਸਮੇਤ 13 ਦੇਸ਼ਾਂ ਦੇ ਆਗੂਆਂ ਨੂੰ ਸੱਦਾ ਭੇਜਿਆ ਹੈ।ਸੂਤਰਾਂ ਅਨੁਸਾਰ ਸੱਦਾ ਦਿੱਤੇ ਗਏ ਦੇਸ਼ਾਂ ਦੀ ਸੂਚੀ ਵਿੱਚ ਭਾਰਤ, ਚੀਨ, ਪਾਕਿਸਤਾਨ, ਸਊਦੀ ਅਰਬ, ਤੁਰਕੀ, ਸੰਯੁਕਤ ਅਰਬ ਅਮੀਰਾਤ, ਕਤਰ, ਮਲੇਸ਼ੀਆ, ਬਰੂਨੇਈ, ਸ਼੍ਰੀਲੰਕਾ, ਨੇਪਾਲ, ਮਾਲਦੀਵ ਅਤੇ ਭੂਟਾਨ ਸ਼ਾਮਲ ਹਨ।

ਸਹੁੰ ਚੁੱਕ ਸਮਾਗਮ ਦਾ ਆਯੋਜਨ ਸੰਸਦ ਦੇ ਸਾਊਥ ਪਲਾਜ਼ਾ ਵਿੱਚ ਹੋਵੇਗਾ।

ਬੀ.ਐਨ.ਪੀ ਨੇ ਹਾਲ ਹੀ ਵਿੱਚ ਹੋਈਆਂ ਆਮ ਚੋਣਾਂ ਵਿੱਚ ਵੱਡੀ ਜਿੱਤ ਹਾਸਲ ਕੀਤੀ ਹੈ।ਦੱਸ ਦਈਏ ਕਿ ਇਸ ਸਹੁੰ ਚੁੱਕ ਸਮਾਗਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸ਼ਾਮਲ ਹੋਣ ਦੀ ਉਮੀਦ ਘੱਟ ਹੈ, ਕਿਉਂਕਿ ਉਸੇ ਸਮੇਂ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਭਾਰਤ ਦੇ ਦੌਰੇ 'ਤੇ ਹੋਣਗੇ। ਮੰਨਿਆ ਜਾ ਰਿਹਾ ਹੈ ਕਿ ਇਸ ਸਮਾਗਮ ਵਿੱਚ ਭਾਰਤ ਵੱਲੋਂ ਕੋਈ ਹੋਰ ਸੀਨੀਅਰ ਆਗੂ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਹੋ ਸਕਦਾ ਹੈ। ਸੂਤਰਾਂ ਅਨੁਸਾਰ, ਪ੍ਰਧਾਨ ਮੰਤਰੀ ਮੋਦੀ ਦੀ ਬਜਾਏ, ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਜਾਂ ਉਪ ਰਾਸ਼ਟਰਪਤੀ ਰਾਧਾਕ੍ਰਿਸ਼ਨਨ ਢਾਕਾ ਵਿੱਚ ਤਾਰਿਕ ਰਹਿਮਾਨ ਦੇ ਸਹੁੰ ਚੁੱਕ ਸਮਾਗਮ ਵਿੱਚ ਭਾਰਤ ਦੀ ਨੁਮਾਇੰਦਗੀ ਕਰ ਸਕਦੇ ਹਨ।

# ਗਾਜ਼ਾ ਵਿੱਚ ਇਜ਼ਰਾਈਲੀ ਹਮਲਿਆਂ 'ਚ 11ਦੀ ਮੌਤ

**ਗਾਜ਼ਾ ਸਾਂਝੀ ਸੋਚ ਬਿਊਰੋ**

ਗਾਜ਼ਾ ਦੀ ਸਿਵਲ ਡਿਫੈਂਸ ਏਜੰਸੀ ਨੇ ਐਤਵਾਰ ਨੂੰ ਕਿਹਾ ਕਿ ਐਨਕਲੇਵ ਦੇ ਪਾਰ ਇਜ਼ਰਾਈਲੀ ਹਵਾਈ ਹਮਲਿਆਂ ਵਿੱਚ ਘੱਟੋ-ਘੱਟ 11 ਫਲਸਤੀਨੀ ਮਾਰੇ ਗਏ। ਸਿਵਲ ਡਿਫੈਂਸ ਦੇ ਬੁਲਾਰੇ ਮਹਿਮੂਦ ਬਸਲ ਨੇ ਕਿਹਾ ਕਿ ਇਜ਼ਰਾਈਲੀ ਜਹਾਜ਼ਾਂ ਨੇ ਸਵੇਰ ਤੋਂ ਦੁਪਹਿਰ ਤੱਕ ਕਈ ਖੇਤਰਾਂ ਵਿੱਚ ਹਮਲੇ ਕੀਤੇ, ਨਿਊਜ਼ ਏਜੰਸੀ ਨੇ ਰਿਪੋਰਟ ਦਿੱਤੀ।ਉਨ੍ਹਾਂ ਅੱਗੇ ਕਿਹਾ ਕਿ ਗਾਜ਼ਾ ਸ਼ਹਿਰ ਦੇ ਪੱਛਮ ਵਿੱਚ ਤੇਲ ਅਲ-ਹਾਵਾ ਇਲਾਕੇ ਵਿੱਚ ਇੱਕ ਸਮੂਹ 'ਤੇ ਡਰੋਨ ਨਾਲ ਹਮਲਾ ਹੋਣ ਨਾਲ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ। ਸਥਾਨਕ ਸੂਤਰਾਂ ਨੇ ਮ੍ਰਿਤਕ ਵਿਅਕਤੀ ਦੀ ਪਛਾਣ ਇਸਲਾਮਿਕ ਜੇਹਾਦ ਅੰਦੋਲਨ ਦੇ ਮੈਂਬਰ ਸਾਮੀ ਅਲ-ਦਾਹਦੌਹ ਵਜੋਂ ਕੀਤੀ ਹੈ। ਸਮੂਹ ਨੇ ਤੁਰੰਤ ਕੋਈ ਟਿੱਪਣੀ ਨਹੀਂ ਕੀਤੀ।ਬਸਲ ਨੇ ਕਿਹਾ ਕਿ ਉੱਤਰੀ ਗਾਜ਼ਾ ਵਿੱਚ ਬੇਤ ਲਾਹੀਆ ਦੇ ਪੱਛਮ ਵਿੱਚ ਇੱਕ ਵੱਖਰੇ ਡਰੋਨ ਹਮਲੇ ਵਿੱਚ ਤਿੰਨ ਲੋਕ ਗੰਭੀਰ ਜ਼ਖਮੀ ਹੋ ਗਏ ਹਨ। ਇਸ ਤੋਂ ਪਹਿਲਾਂ, ਉੱਤਰ ਵਿੱਚ ਜਬਾਲੀਆ ਸ਼ਰਨਾਰਥੀ ਕੈਂਪ ਵਿੱਚ ਵਿਸਥਾਪਿਤ ਲੋਕਾਂ ਨੂੰ ਪਨਾਹ ਦੇਣ ਵਾਲੇ ਇੱਕ ਤੰਬੂ ਅਤੇ ਦੱਖਣ ਵਿੱਚ ਖਾਨ ਯੂਨਿਸ ਵਿੱਚ ਇੱਕ ਇਕੱਠ ਨੂੰ ਨਿਸ਼ਾਨਾ ਬਣਾਉਣ ਵਾਲੇ ਦੋ ਹਵਾਈ ਹਮਲਿਆਂ ਵਿੱਚ 10 ਲੋਕ ਮਾਰੇ ਗਏ ਸਨ, ਉਨ੍ਹਾਂ ਅੱਗੇ ਕਿਹਾ।ਨਿਵਾਸੀਆਂ ਨੇ ਕਿਹਾ ਕਿ ਇਜ਼ਰਾਈਲੀ ਫੌਜਾਂ ਨੇ ਜਬਾਲੀਆ ਦੇ ਉੱਤਰ ਵਿੱਚ ਸ਼ੇਖ ਜ਼ਾਇਦ ਖੇਤਰ ਦੇ ਨੇੜੇ ਘਰਾਂ ਨੂੰ ਵੀ ਢਾਹ ਦਿੱਤਾ। ਪੂਰਬੀ ਗਾਜ਼ਾ ਸ਼ਹਿਰ ਦੇ ਅਲ-ਤੁਫਾਹ ਇਲਾਕੇ ਵਿੱਚ ਵੀ ਤੋਪਖਾਨੇ ਦੀ ਗੋਲੀਬਾਰੀ ਦੀ ਰਿਪੋਰਟ ਮਿਲੀ। ਐਤਵਾਰ ਦੇ ਹਮਲਿਆਂ 'ਤੇ ਇਜ਼ਰਾਈਲ ਵੱਲੋਂ ਤੁਰੰਤ ਕੋਈ ਟਿੱਪਣੀ ਨਹੀਂ ਕੀਤੀ ਗਈ।ਸ਼ਨੀਵਾਰ ਨੂੰ, ਇਜ਼ਰਾਈਲ ਰੱਖਿਆ ਬਲਾਂ ਨੇ ਕਿਹਾ ਕਿ ਫੌਜਾਂ ਨੇ ਉੱਤਰੀ ਗਾਜ਼ਾ ਵਿੱਚ ਭੂਮੀਗਤ ਬੁਨਿਆਦੀ ਢਾਂਚੇ ਤੋਂ ਉੱਭਰ ਰਹੇ ਕਈ ਹਥਿਆਰਬੰਦ ਅੱਤਵਾਦੀਆਂ ਦੀ ਪਛਾਣ ਕਰਕੇ ਉਨ੍ਹਾਂ 'ਤੇ ਕੀਤੇ ਹਮਲੇ 'ਚ ਦੋ ਹੋਰ ਮਾਰੇ ਗਏ ਹਨ।


Arrested ?
DUI ?
Drug Charges ?
Gun Violation ?
Ghuman Law Group
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# JK TYRE INC

JK TYRE
TOTAL CONTROL

**KTD10-LEAO**
Radial Truck Tire (Long Haul)



295/75R22.5
$2600

With Installation
Singh: 510-766-9382

**JK JETSTEEL JDH**

SPECIAL OFFER !!



DRIVE TIRE
11R22.5-

With Installation
Singh: 510-766-9382

**Firestone FS591**

SPECIAL OFFER !!

STEER TIRE
295/75R22.5

With Installation
Singh: 510-766-9382



11R22.5

With Installation
Singh: 510-766-9382

**Sizes available in drive & trailer**

295/75/22.5
11r/22.5
11r/24.5
255/70/22.5
315/80/22.5
425/65/22.5

**JETWAY JTH 1**

SPECIAL OFFER !!



TRAILER TIRE
11R22.5-
11R24.5-

With Installation
Singh: 510-766-9382

**JETWAY JTH SD**

SPECIAL OFFER !!



TRAILER TIRE
295/75R22.5-

With Installation
Singh: 510-766-9382

**JK JETSTEEL JDL2**

SPECIAL OFFER !!



DRIVE TIRE
11R22.5-
11R24.5-
295/75R22.5-

With Installation
Singh: 510-766-9382



FALKEN TIRES | GOODYEAR | KELLY TIRES | BARKLEY Feel the difference | PIRELLI
MICHELIN A better way forward | BRIDGESTONE | Firestone | YOKOHAMA
PEARLY | NAMA | TOYO TIRES driven to perform | Continental | DUNLOP TIRES

# S. Singh Cell: (510) 766-9382

2955 N. Wilson Way Stockton , CA 95205


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

# 'ਆਪ' ਨੇ ਦੇਸ਼ ਭਗਤ ਯੂਨੀਵਰਸਿਟੀ ਦੇ ਬਾਹਰ ਹਰਿਆਣਾ ਦੇ ਸੀਐਮ ਨਾਇਬ ਸਿੰਘ ਸੈਣੀ ਦੇ ਖ਼ਿਲਾਫ਼ ਕੀਤਾ ਜ਼ੋਰਦਾਰ ਪ੍ਰਦਰਸ਼ਨ, ਮੋਦੀ ਦਾ ਫੂਕਿਆ ਪੁਤਲਾ

**ਮੰਡੀ ਗੋਬਿੰਦਗੜ੍ਹ ਸਾਂਝੀ ਸੋਚ ਬਿਊਰੋ**



ਦੇਸ਼ ਭਗਤ ਯੂਨੀਵਰਸਿਟੀ ਵਿਖੇ ਇੱਕ ਪ੍ਰੋਗਰਾਮ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਆਮਦ ਨੂੰ ਲੈ ਕੇ ਅਮਲੋਹ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਵਿੱਚ ਸੈਂਕੜੇ ਵਰਕਰਾਂ ਨੇ ਜ਼ੋਰਦਾਰ ਪ੍ਰਦਰਸ਼ਨ ਕੀਤਾ। 'ਆਪ' ਆਗੂਆਂ ਨੇ ਕੇਂਦਰ ਦੀ ਭਾਜਪਾ ਸਰਕਾਰ ਅਤੇ ਹਰਿਆਣਾ ਦੇ ਮੁੱਖ ਮੰਤਰੀ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਨੇ ਖੁਦ ਆਉਣ ਦੀ ਬਜਾਏ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਇਸ ਪ੍ਰੋਗਰਾਮ ਵਿੱਚ ਭੇਜਿਆ।

ਉਨ੍ਹਾਂ ਰਾਜਪਾਲ ਤੋਂ ਸਵਾਲ ਕੀਤਾ ਕਿ ਕੀ ਪੰਜਾਬ ਕੋਲ ਆਪਣੇ ਮੰਤਰੀਆਂ ਜਾਂ ਆਗੂਆਂ ਦੀ ਘਾਟ ਹੈ? ਬੜਿੰਗ ਨੇ ਕਿਹਾ ਕਿ ਗਵਰਨਰ ਸਾਹਿਬ ਪੰਜਾਬ ਦੇ ਕਿਸੇ ਵੀ ਮੰਤਰੀ ਦੀ ਡਿਊਟੀ ਲਗਾ ਸਕਦੇ ਸਨ, ਪਰ ਭਾਜਪਾ ਦੇ ਇਸ਼ਾਰੇ 'ਤੇ ਜਾਣਬੁੱਝ ਕੇ ਹਰਿਆਣਾ ਦੇ ਮੁੱਖ ਮੰਤਰੀ ਨੂੰ ਪੰਜਾਬ ਦੀਆਂ ਸੰਸਥਾਵਾਂ ਵਿੱਚ ਭੇਜਿਆ ਜਾ ਰਿਹਾ ਹੈ ਤਾਂ ਜੋ ਪੰਜਾਬ ਦੇ ਮਾਮਲਿਆਂ ਵਿੱਚ ਹਰਿਆਣਾ ਦਾ ਦਖ਼ਲ ਵਧਾਇਆ ਜਾ ਸਕੇ।

ਵਿਧਾਇਕ ਬੜਿੰਗ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਸਥਾਨਕ ਲੋਕਾਂ ਦੇ ਵਿਰੋਧ ਨੂੰ ਦੇਖਦਿਆਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਆਪਣਾ ਦੌਰਾ ਰੱਦ ਕਰਕੇ ਵਾਪਸ ਮੁੜਨਾ ਪਿਆ। ਉਨ੍ਹਾਂ ਚਿਤਾਵਨੀ ਦਿੱਤੀ ਕਿ ਪੰਜਾਬ ਦੀ ਪਵਿੱਤਰ ਧਰਤੀ ਅਤੇ ਵਿੱਦਿਅਕ ਅਦਾਰਿਆਂ ਵਿੱਚ ਭਾਜਪਾ ਦੇ ਅਜਿਹੇ ਆਗੂਆਂ ਨੂੰ ਬਿਲਕੁਲ ਵੀ ਵੜਨ ਨਹੀਂ ਦਿੱਤਾ ਜਾਵੇਗਾ ਜੋ ਹਮੇਸ਼ਾ ਪੰਜਾਬ ਦੇ ਹਿੱਤਾਂ ਦੇ ਖਿਲਾਫ ਖੜ੍ਹਦੇ ਹਨ। ਇਸ ਦੌਰਾਨ ਬੜਿੰਗ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਵੀ ਹਮਲਾ ਬੋਲਿਆ ਅਤੇ ਕਿਹਾ ਕਿ ਇਹ ਸਮਝੌਤਾ ਪੰਜਾਬ ਦੇ ਕਿਸਾਨਾਂ ਅਤੇ ਕਾਰੋਬਾਰੀਆਂ ਨੂੰ ਬਰਬਾਦ ਕਰਨ ਦੀ ਇੱਕ ਹੋਰ ਕੋਸ਼ਿਸ਼ ਹੈ। ਇਸ ਸਮਝੌਤੇ ਵਿੱਚ ਪੰਜਾਬ ਦੀ ਕਿਸਾਨੀ ਨੂੰ ਪੂਰੀ ਤਰ੍ਹਾਂ ਅੱਖੋਂ-ਪਰੋਖੇ ਕੀਤਾ ਗਿਆ ਹੈ। ਉਨ੍ਹਾਂ ਐਲਾਨ ਕੀਤਾ ਕਿ ਭਾਜਪਾ ਦੇ ਕਿਸੇ ਵੀ ਮੰਤਰੀ ਜਾਂ ਬਾਹਰੀ ਸੂਬੇ ਦੇ ਆਗੂ ਦਾ ਪੰਜਾਬ ਵਿੱਚ ਆਉਣ 'ਤੇ ਇਸੇ ਤਰ੍ਹਾਂ ਘਿਰਾਓ ਕੀਤਾ ਜਾਵੇਗਾ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਵੱਡੀ ਸਫ਼ਲਤਾ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**



ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਕਿ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਇੱਕ ਹੋਰ ਵੱਡੀ ਸਫ਼ਲਤਾ ਮਿਲੀ ਹੈ, ਜਦੋਂ ਗੁਰਦਾਸਪੁਰ ਜ਼ਿਲ੍ਹੇ ਦੇ ਕਲਾਨੌਰ ਦਾ ਰਹਿਣ ਵਾਲਾ ਗੁਰਕੀਰਤ ਸਿੰਘ ਕਥਿਤ ਤੌਰ 'ਤੇ ਸ਼ਮਸ਼ਾਨਘਾਟ (ਕ੍ਰੀਮੇਸ਼ਨ ਗਰਾਊਂਡ) ਦੇ ਅੰਦਰ ਨਸ਼ੇ ਕਰਦਾ ਫੜਿਆ ਗਿਆ। ਚੀਮਾ ਨੇ ਕਿਹਾ ਕਿ ਇਸ ਮੁਲਜ਼ਮ ਦਾ ਸਿੱਧਾ ਸਬੰਧ ਕਾਂਗਰਸ ਪਾਰਟੀ ਨਾਲ ਜੁੜਦਾ ਹੈ ਅਤੇ ਫੜੇ ਗਏ ਵਿਅਕਤੀ ਦੀਆਂ ਕਾਂਗਰਸ ਦੇ ਵੱਖ-ਵੱਖ ਵੱਡੇ ਲੀਡਰਾਂ ਨਾਲ ਫ਼ੋਟੋਆਂ ਵੀ ਸਾਹਮਣੇ ਆਈਆਂ ਹਨ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਜਾਣਦਾ ਹੈ ਕਿ ਜਦੋਂ ਸੂਬੇ ਵਿੱਚ ਅਕਾਲੀ ਦਲ-ਭਾਜਪਾ ਦਾ ਰਾਜ ਸੀ ਜਾਂ ਕਾਂਗਰਸ ਪਾਰਟੀ ਦਾ ਰਾਜ ਰਿਹਾ, ਉਸ ਸਮੇਂ ਪੰਜਾਬ ਵਿੱਚ ਨਸ਼ਿਆਂ ਦਾ ਹੜ੍ਹ ਵਗਾਇਆ ਗਿਆ। ਅੱਜ ਲਗਾਤਾਰ ਬਹੁਤ ਸਾਰੇ ਅਜਿਹੇ ਲੋਕ ਫੜੇ ਜਾ ਰਹੇ ਹਨ ਜਿਨ੍ਹਾਂ ਦਾ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਨਾਲ ਸਬੰਧ ਰਿਹਾ ਹੈ। ਚੀਮਾ ਨੇ ਕਿਹਾ ਕਿ ਪੰਜਾਬ ਨੂੰ ਬਰਬਾਦ ਕਰਨ ਵਾਲੀਆਂ ਇਹ ਪਾਰਟੀਆਂ ਅੱਜ ਕੁਰਲਾ ਰਹੀਆਂ ਹਨ। ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਲਗਾਤਾਰ ਚਲਾਈ ਜਾ ਰਹੀ ਮੁਹਿੰਮ ਨੂੰ ਕਾਮਯਾਬੀ ਮਿਲ ਰਹੀ ਹੈ। ਨਸ਼ਾ ਤਸਕਰ ਜਾਂ ਤਾਂ ਪੰਜਾਬ ਵਿੱਚੋਂ ਭੱਜ ਰਹੇ ਹਨ ਜਾਂ ਫਿਰ ਜੇਲ੍ਹਾਂ ਦੇ ਅੰਦਰ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿਹੜਾ ਵੀ ਵਿਅਕਤੀ ਨਸ਼ਾ ਕਰਦਾ ਫੜਿਆ ਜਾ ਰਿਹਾ ਹੈ, ਸਰਕਾਰ ਉਸ ਦਾ ਇਲਾਜ ਕਰ ਕੇ ਉਸ ਨੂੰ ਠੀਕ ਕਰ ਰਹੀ ਹੈ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ "ਸਾਡੀ ਇਸ ਸਫ਼ਲਤਾ ਨੂੰ ਪੰਜਾਬ ਦੇ ਲੋਕ ਭਰਵਾਂ ਹੁੰਗਾਰਾ ਦੇ ਰਹੇ ਹਨ ਅਤੇ ਇਹ ਅੱਜ ਪੰਜਾਬ ਵਿੱਚ ਇੱਕ ਕਾਫ਼ਲਾ ਬਣ ਗਿਆ ਹੈ। ਲੱਖਾਂ ਲੋਕ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਨਾਲ ਇਸ ਕਰਕੇ ਜੁੜੇ ਹੋਏ ਹਨ ਕਿਉਂਕਿ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਪੰਜਾਬ ਵਿੱਚੋਂ

# ਵਿਸ਼ਵ ਅਨੀਮੀਆ ਜਾਗਰੂਕਤਾ ਦਿਵਸ ਮਨਾਇਆ ਗਿਆ

## ਯੂਕੋਨ ਤੇ ਹਸਪਤਾਲ ਦਾ ਸਾਂਝਾ ਉਪਰਾਲਾ



**ਫਰੀਦਕੋਟ ਸ਼ਿਵਨਾਥ ਦਰਦੀ**

ਸਥਾਨਕ ਯੂਕੋਨ (ਯੂਨੀਵਰਸਿਟੀ ਕਾਲਿਜ ਆਫ਼ ਨਰਸਿੰਗ) ਅਤੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਿਜ ਅਤੇ ਹਸਪਤਾਲ ਦੇ ਬੱਚਾ ਵਿਭਾਗ ਦੇ ਸਾਂਝੇ ਉਪਰਾਲੇ ਅਧੀਨ ਪ੍ਰਿੰਸੀਪਲ ਡਾ. ਹਰਦੀਪ ਕੌਰ ਮੱਲ ਅਤੇ ਡਾ: ਸ਼ਸ਼ੀਕਾਂਤ ਧੀਰ ਦੀ ਸਾਂਝੀ ਅਗਵਾਈ ਹੇਠ ਵਿਸ਼ਵ ਅਨੀਮੀਆ ਜਾਗਰੂਕਤਾ ਦਿਵਸ ਮਨਾਇਆ ਗਿਆ। ਉਕਤ ਹਸਪਤਾਲ ਵਿਖੇ ਮਨਾਏ ਗਏ ਇਸ ਪ੍ਰਭਾਵਸ਼ਾਲੀ ਦਿਵਸ ਸਮਾਰੋਹ ਮੌਕੇ ਬੱਚਿਆਂ ਦੇ ਮਾਪਿਆਂ ਅਤੇ ਹੋਰਨਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਬੱਚਾ ਵਿਭਾਗ ਦੀ ਪ੍ਰੋ. ਵੰਦਨਾ ਅਤੇ ਐਸੋਸੀਏਟ ਪ੍ਰੋ. ਅਮਨਪ੍ਰੀਤ ਸਿੰਘ ਸੇਠੀ ਨੇ ਬੱਚਿਆਂ ਦੇ ਮਾਪਿਆਂ ਨੂੰ ਖ਼ੂਨ ਦੀ ਕਮੀ ਅਤੇ ਇਸ ਸਬੰਧੀ ਧਿਆਨ ਰੱਖਣ ਯੋਗ ਗੱਲਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਐੱਮ.ਐੱਸ.ਸੀ. ਅਤੇ ਬੀ.ਐੱਸ.ਸੀ. ਦੇ ਪੋਸਟ ਬੇਸਿਕ ਵਿਦਿਆਰਥੀਆਂ ਵੱਲੋਂ ਨੁਕੜ ਨਾਟਕ ਦੇ ਮਾਧਿਅਮ ਰਾਹੀਂ ਆਮ ਲੋਕਾਂ ਨੂੰ ਇਸ ਬਿਮਾਰੀ ਪ੍ਰਤੀ ਜਾਗਰੂਕ ਕਰਵਾਇਆ ਗਿਆ। ਮਾਪਿਆਂ ਵੱਲੋਂ ਵਿਸ਼ਵ ਅਨੀਮੀਆ ਜਾਗਰੂਕਤਾ ਦਿਵਸ ਦੀ ਸ਼ਲਾਘਾ ਕੀਤੀ ਅਤੇ ਜਾਣਕਾਰੀ ਹਿੱਤ ਪ੍ਰਸ਼ਨ ਵੀ ਸਾਂਝੇ ਕੀਤੇ। ਸਮਾਰੋਹ ਸਮੇਂ ਡਾ. ਪੰਕਜ ਬਾਂਸਲ ਅਤੇ ਡਾ. ਅਵਨੀਤ ਕੌਰ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਖ਼ੂਨ ਦੀ ਕਮੀ ਹੋ ਜਾਣ ਨਾਲ ਸਾਨੂੰ ਤੁਰੰਤ ਮਾਹਰ ਡਾਕਟਰ ਤੋਂ ਸਲਾਹ ਲੈਣੀ ਚਾਹੀਦੀ ਹੈ। ਉਨ੍ਹਾਂ ਨੇ ਅਜਿਹੀ ਬਿਮਾਰੀ ਦੇ ਸ਼ਿਕਾਰ ਲੋਕਾਂ ਨੂੰ ਅੰਧ ਵਿਸ਼ਵਾਸ਼ੀ ਤਰੀਕੇ ਨਾ ਅਪਨਾਉਣ ਦੀ ਅਪੀਲ ਵੀ ਕੀਤੀ। ਉਹਨਾਂ ਅੱਗੇ ਕਿਹਾ ਕਿ ਛੋਟੇ ਬੱਚਿਆਂ ਵਿੱਚ ਖ਼ੂਨ ਦੀ ਕਮੀ ਨੂੰ ਨਜ਼ਰ ਅੰਦਾਜ਼ ਨਹੀਂ ਕੀਤਾ ਜਾਣਾ ਚਾਹੀਦਾ। ਸਮਾਰੋਹ ਦੌਰਾਨ ਯੂਕੋਨ ਦੀ ਪ੍ਰੋ. ਵੰਦਨਾ ਨੇ ਖ਼ੂਨ ਦੀ ਕਮੀ ਦੌਰਾਨ ਪੌਸ਼ਟਿਕ ਖ਼ੁਰਾਕ ਅਤੇ ਸੰਤੁਲਿਤ ਭੋਜਨ ਗ੍ਰਹਿਣ ਕਰਨ ਦੀ ਅਪੀਲ ਕੀਤੀ। ਉਨ੍ਹਾਂ ਨੇ ਬੱਚਿਆਂ ਨੂੰ ਫਾਸਟ ਫੂਡ ਤੋਂ ਦੂਰ ਰੱਖਣ ਦੀ ਅਪੀਲ ਵੀ ਕੀਤੀ। ਸਮਾਰੋਹ ਮੌਕੇ ਯੂਕੋਨ ਦੇ ਹੋਰ ਫੈਕਲਟੀ ਮੈਂਬਰ ਸਿਮਰਨਜੀਤ ਕੌਰ, ਹਰਪ੍ਰੀਤ ਕੌਰ, ਰਾਜਵਿੰਦਰ ਕੌਰ ਅਤੇ ਬੱਚਾ ਵਿਭਾਗ ਦੇ ਡਾ. ਪ੍ਰੋ. ਸੀਮਾ ਰਾਏ , ਡਾ. ਵਰੁਣ ਕੌਲ ,ਡਾ: ਅਨਮੋਲ, ਡਾ: ਅਸ਼ੀਸ਼ ਛਾਬੜਾ ਅਤੇ ਡਾ. ਸਤਪ੍ਰੀਤ ਸਿੰਘ ਸਮੇਤ ਹੋਰ ਨਰਸਿੰਗ ਸਟਾਫ ਵੀ ਮੌਜੂਦ ਸੀ।

Space available for Ad
Contact # +1 (209) 303-1260



Gillson TRUCKING INC

# NOW HIRING

## TRUCK DRIVERS CLASS A CDL



- ✓ Signing Bonus
- ✓ Top pay
- ✓ Mileage Pay
- ✓ Great Benefits
- ✓ Over the Road or Local Routes
- ✓ Reefers and Dry Van Operations
- ✓ No touch freight



### SKILLS

- ✓ Responsible truck driver.
- ✓ Experience with electronic equipment.
- ✓ Ability to travel regularly.
- ✓ Adaptivity and foresight to handle unexpected situations (traffic, weather conditions and roads, etc.)

### RESPONSIBILITIES

- ✓ Safely operating assigned vehicles.
- ✓ The Vehicles are maintained and serviced as needed.
- ✓ Report any vehicle defects for repair.
- ✓ Make safety a priority at all times.
- ✓ Comply with standard federal laws and with company. policies and procedures.

### PAY

- ✓ Average pay: $0.45-$0.60 cents/mile
- ✓ Weekly direct deposits
- ✓ Bonuses for clean inspections
- ✓ High mileage bonuses

### NEWER EQUIPMENT

FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO

Flexible Home Time | Pet Friendly | Rider Policy

SCAN QR CODE FOR APPLY NOW

HEALTH BENEFITS: Health | Dental | Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com



GET IN TOUCH gillsontrucking company/gillsontrucking www.teamgillson.com

# SUNSHINE AUTO CARE INC.

## WE REPAIR ALL MAKES & MODELS. AUTO, DIESEL TRUCK & TRAILERS

- ✓ DPF Filter Cleaning
- ✓ Clutch
- ✓ Transmission
- ✓ New/Used Tires
- ✓ Oil Changes
- ✓ Wheel Balancing
- ✓ Truck & Trailer Repair
- ✓ All Major & Minor Repairs
- ✓ We Do Aluminum Welding
- ✓ Computer Check
- ✓ Differential
- ✓ Inspections
- ✓ Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi


We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA · MasterCard · AMERICAN EXPRESS · DISCOVER NETWORK





**1003 Moffat Blvd,**
**Manteca CA 95336**

# 209-239-1551



Chevron

# TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ

We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

# ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਖਸਤਾ ਹਾਲ ਮਸੌਲ ਦੇ ਸਰਕਾਰੀ ਸਕੂਲ ਨੂੰ ਮਾਡਲ ਸਕੂਲ ਵਿੱਚ ਬਦਲਿਆ: ਹਰਜੋਤ ਸਿੰਘ ਬੈਂਸ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਪਿੰਡ ਮਸੌਲ ਦੇ ਸਰਕਾਰੀ ਸਕੂਲ ਵਿੱਚ ਕੀਤੇ ਗਏ ਸ਼ਾਨਦਾਰ ਬਦਲਾਅ 'ਤੇ ਚਾਨਣਾ ਪਾਇਆ ਜੋ ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ ਤੋਂ ਮਹਿਜ਼ 20 ਮਿੰਟ ਦੀ ਦੂਰੀ 'ਤੇ ਸਥਿਤ ਹੈ। ਬੈਂਸ ਨੇ ਕਿਹਾ ਕਿ ਇਹ ਸਕੂਲ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ "ਪੰਜਾਬ ਸਿੱਖਿਆ ਕ੍ਰਾਂਤੀ" ਤਹਿਤ ਜਨਤਕ ਸਿੱਖਿਆ ਪ੍ਰਣਾਲੀ ਨੂੰ ਮੁੜ ਸੁਰਜੀਤ ਕਰਨ ਦੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ। ਲਗਭਗ ਦੋ ਸਾਲ ਪਹਿਲਾਂ ਸਕੂਲ ਦੀ ਹਾਲਤ ਨੂੰ ਯਾਦ ਕਰਦਿਆਂ, ਸਿੱਖਿਆ ਮੰਤਰੀ ਨੇ ਕਿਹਾ, "ਜਦੋਂ ਮੈਂ ਲਗਭਗ ਦੋ ਸਾਲ ਪਹਿਲਾਂ ਮਸੌਲ ਪਿੰਡ ਦੇ ਸਰਕਾਰੀ ਸਕੂਲ ਦਾ ਦੌਰਾ ਕੀਤਾ ਸੀ, ਤਾਂ ਸਕੂਲ ਦੀ ਹਾਲਤ ਬਹੁਤ ਹੀ ਤਰਸਯੋਗ ਸੀ। ਇਮਾਰਤ ਖਸਤਾ ਹਾਲਤ ਵਿੱਚ ਸੀ, ਕਲਾਸਰੂਮ ਟੁੱਟੇ ਹੋਏ ਸਨ ਅਤੇ ਵਿਦਿਆਰਥੀਆਂ ਨੂੰ ਪੜ੍ਹਨ ਅਤੇ ਲਿਖਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਮਸੌਲ ਪਿੰਡ ਕਦੇ ਆਪਣੇ ਸਰਕਾਰੀ ਸਕੂਲ ਦੀ ਤਰਸਯੋਗ ਹਾਲਤ ਕਾਰਨ ਅਖ਼ਬਾਰਾਂ ਅਤੇ ਟੈਲੀਵਿਜ਼ਨ ਚੈਨਲਾਂ ਦੀਆਂ ਸੁਰਖੀਆਂ ਵਿੱਚ ਰਹਿੰਦਾ ਸੀ।"



ਬੈਂਸ ਨੇ ਕਿਹਾ, "ਮੈਂ ਉਸ ਸਮੇਂ ਇਸ ਸਕੂਲ ਦਾ ਦੌਰਾ ਕੀਤਾ ਸੀ ਅਤੇ ਮੈਂ ਇਸ ਸਕੂਲ ਵਿੱਚ ਆਉਣ ਵਾਲਾ ਪਹਿਲਾ ਸਿੱਖਿਆ ਮੰਤਰੀ ਸੀ। ਮੈਂ ਜੋ ਦੇਖਿਆ ਉਹ ਬਹੁਤ ਦੁਖਦਾਈ ਸੀ। ਇੱਥੇ ਸਿਰਫ਼ ਬੁਨਿਆਦੀ ਢਾਂਚੇ ਦੇ ਮੁੜ ਨਿਰਮਾਣ ਦੀ ਹੀ ਲੋੜ ਨਹੀਂ ਸੀ ਸਗੋਂ ਵਿਦਿਆਰਥੀਆਂ ਅਤੇ ਭਾਈਚਾਰੇ ਦੇ ਭਰੋਸੇ ਨੂੰ ਬਹਾਲ ਕਰਨ ਦੀ ਵੀ ਜ਼ਰੂਰਤ ਸੀ।"ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ, ਉਨ੍ਹਾਂ ਨੇ ਸਕੂਲ ਨੂੰ ਇੱਕ ਮਾਡਲ ਸਕੂਲ ਵਿੱਚ ਬਦਲਣ ਦਾ ਅਹਿਦ ਲਿਆ ਸੀ। ਉਨ੍ਹਾਂ ਕਿਹਾ, ਮੇਰੇ ਦੌਰੇ ਤੋਂ ਬਾਅਦ, ਸਕੂਲ ਸਿੱਖਿਆ ਵਿਭਾਗ ਨੇ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਵਿਆਪਕ ਵਿਕਾਸ ਕਾਰਜ ਸ਼ੁਰੂ ਕੀਤੇ। ਅੱਜ, ਸਕੂਲ ਨੂੰ ਇੱਕ ਨਵੀਂ ਇਮਾਰਤ, ਬਿਹਤਰ ਕਲਾਸਰੂਮ, ਬਿਹਤਰ ਸਹੂਲਤਾਂ ਅਤੇ ਸਿੱਖਣ ਦਾ ਅਨੁਕੂਲ ਵਾਤਾਵਰਣ ਪ੍ਰਦਾਨ ਕਰਕੇ ਪੂਰੀ ਤਰ੍ਹਾਂ ਬਦਲ ਦਿੱਤਾ ਗਿਆ ਹੈ।"

ਅਕਾਦਮਿਕ ਪ੍ਰਗਤੀ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ, "ਵਿਦਿਆਰਥੀਆਂ ਦੇ ਅਕਾਦਮਿਕ ਕਾਰਗੁਜ਼ਾਰੀ ਵਿੱਚ ਕਾਫ਼ੀ ਸੁਧਾਰ ਹੋਇਆ ਹੈ, ਜੋ ਕਿ ਕੇਂਦ੍ਰਿਤ ਦਖਲ ਦੇ ਸਕਾਰਾਤਮਕ ਨਤੀਜਿਆਂ ਨੂੰ ਦਰਸਾਉਂਦਾ ਹੈ। ਇਹ ਸਕੂਲ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਜਨਤਕ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਪ੍ਰਤੀ ਦ੍ਰਿੜ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ।"ਸਿੱਖਿਆ ਮੰਤਰੀ ਨੇ ਕਿਹਾ, "ਗੁਆਂਢੀ ਪਿੰਡ, ਜੋ ਕਦੇ ਸਕੂਲ ਦੀ ਹਾਲਤ 'ਤੇ ਚਿੰਤਾ ਪ੍ਰਗਟ ਕਰਦੇ ਸਨ, ਹੁਣ ਮਸੌਲ ਦਾ ਦੌਰਾ ਕਰਕੇ ਇਸ ਦੀ ਤਬਦੀਲੀ ਨੂੰ ਪ੍ਰਸ਼ੰਸਾ ਕਰਦੇ ਹਨ।"ਸਰਕਾਰ ਦੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, "ਪੰਜਾਬ ਸਿੱਖਿਆ ਕ੍ਰਾਂਤੀ ਇੱਕ ਸੰਪੂਰਨ ਲਹਿਰ ਹੈ ਜਿਸ ਦਾ ਉਦੇਸ਼ ਅਕਾਦਮਿਕ ਖੇਤਰ ਨੂੰ ਹੁਲਾਰਾ ਦੇਣਾ, ਬੁਨਿਆਦੀ ਢਾਂਚੇ ਦਾ ਆਧੁਨਿਕੀਕਰਨ ਕਰਨਾ ਅਤੇ ਜਨਤਕ ਸਿੱਖਿਆ ਵਿੱਚ ਵਿਸ਼ਵਾਸ ਨੂੰ ਬਹਾਲ ਕਰਨਾ ਹੈ। ਪੰਜਾਬ ਸਰਕਾਰ ਇਹ ਯਕੀਨੀ ਬਣਾਉਣਾ ਜਾਰੀ ਰੱਖੇਗੀ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਹਰ ਬੱਚੇ ਨੂੰ ਇੱਕ ਮਾਣਮੱਤੇ ਅਤੇ ਅਨੁਕੂਲ ਮਾਹੌਲ ਵਿੱਚ ਮਿਆਰੀ ਸਿੱਖਿਆ ਦਿੱਤੀ ਜਾਵੇ।"

# ਪੰਜਾਬ ਸਰਕਾਰ ਵੱਲੋਂ ਸਤਲੁਜ ਅਤੇ ਸਵਾਂ ਦਰਿਆ ਦੇ ਇਲਾਕਿਆਂ ਲਈ 52 ਕਰੋੜ ਰੁਪਏ ਦੀ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਨੂੰ ਪ੍ਰਵਾਨਗੀ: ਹਰਜੋਤ ਸਿੰਘ ਬੈਂਸ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਸਤਲੁਜ ਅਤੇ ਸਵਾਂ ਦਰਿਆਵਾਂ ਦੇ ਕੰਢੇ ਵਸਦੇ ਪਿੰਡਾਂ ਲਈ 52 ਕਰੋੜ ਰੁਪਏ ਦੀ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਮਾਨਸੂਨ ਸੀਜ਼ਨ ਦੌਰਾਨ ਹੜ੍ਹਾਂ ਦੀ ਮਾਰ ਝੱਲਦੇ ਆ ਰਹੇ ਕਈ ਪ੍ਰਭਾਵਿਤ ਇਲਾਕਿਆਂ ਲਈ ਸਥਾਈ ਹੱਲ ਯਕੀਨੀ ਬਣਾਏ ਹਨ। ਇਸ ਅਹਿਮ ਯੋਜਨਾ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, "ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਸਤਲੁਜ ਤੇ ਸਵਾਂ ਦੇ ਕੰਢੇ ਰਹਿਣ ਵਾਲੇ ਵਸਨੀਕਾਂ ਨੂੰ ਵੱਡੀ ਰਾਹਤ ਪ੍ਰਦਾਨ ਕਰਦਿਆਂ ਪੰਜਾਬ ਸਰਕਾਰ ਨੇ 52 ਕਰੋੜ ਰੁਪਏ ਦੀ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਦਾ ਐਲਾਨ ਕੀਤਾ ਹੈ ਤਾਂ ਜੋ ਮਾਨਸੂਨ ਦੌਰਾਨ ਹੜ੍ਹਾਂ ਦੀ ਮਾਰ ਝੱਲਦੇ ਆ ਰਹੇ ਕਈ ਸੰਵੇਦਨਸ਼ੀਲ ਪਿੰਡਾਂ ਨੂੰ ਸਥਾਈ ਤੌਰ 'ਤੇ ਸੁਰੱਖਿਅਤ ਬਣਾਇਆ ਜਾ ਸਕੇ।" ਹਰਜੋਤ ਸਿੰਘ ਬੈਂਸ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਸ ਖੇਤਰ ਵਿੱਚ ਹੜ੍ਹ ਸੁਰੱਖਿਆ ਬੁਨਿਆਦੀ ਢਾਂਚੇ ਨਾਲ ਸਬੰਧਤ ਵਿਆਪਕ ਪ੍ਰੋਜੈਕਟਾਂ ਵਿੱਚ ਤੇਜ਼ੀ ਲਿਆਂਦੀ ਹੈ। 52 ਕਰੋੜ ਰੁਪਏ ਦੇ ਕੰਮਾਂ ਲਈ ਪਹਿਲਾਂ ਹੀ ਟੈਂਡਰ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਕੰਮ ਸ਼ੁਰੂ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੀ ਉਸਾਰੀ ਵਿੱਚ ਪੰਦਰਵਾੜੇ ਦੇ ਅੰਦਰ-ਅੰਦਰ ਹੋਰ ਤੇਜ਼ੀ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ, 30 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਵਾਲੇ ਪ੍ਰੋਜੈਕਟ



ਵਿਚਾਰ ਅਧੀਨ ਹਨ।"ਇਸ ਪਹਿਲਕਦਮੀ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਬੈਂਸ ਨੇ ਕਿਹਾ, "ਸਾਡੇ ਲੋਕਾਂ ਦੀ ਸੁਰੱਖਿਆ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ। ਪਿਛਲੇ ਸਾਲ ਆਏ ਭਿਆਨਕ ਹੜ੍ਹਾਂ ਨੇ ਸਾਨੂੰ ਸਬਕ ਸਿਖਾਇਆ ਹੈ। ਅਸੀਂ ਠੋਸ ਅਤੇ ਲੰਬੇ ਸਮੇਂ ਦੀ ਸੁਰੱਖਿਆ ਨੂੰ ਯਕੀਨੀ ਬਣਾ ਰਹੇ ਹਾਂ।"ਪ੍ਰਮੁੱਖ ਪ੍ਰੋਜੈਕਟਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਬੈਂਸ ਨੇ ਕਿਹਾ, "ਪਿੰਡ ਦਸਗਰਾਈਂ ਅਤੇ ਮਹੈਨ ਨੂੰ ਡੰਗੇ ਦੇ ਨਿਰਮਾਣ ਲਈ 1 ਕਰੋੜ ਰੁਪਏ ਦੀ ਰਾਸ਼ੀ ਮਿਲੇਗੀ। ਪਿੰਡ ਹਰਸਾ ਬੇਲਾ, ਜਿੱਥੇ ਪਿਛਲੇ ਸਾਲ 4.5 ਕਰੋੜ ਰੁਪਏ ਦੇ ਹੜ੍ਹ ਸੁਰੱਖਿਆ ਕਾਰਜ ਕੀਤੇ ਗਏ ਸਨ, ਨੂੰ ਅੱਪਗ੍ਰੇਡ ਕੀਤੇ ਡਿਜ਼ਾਈਨ ਵਾਲੇ 2,200 ਫੁੱਟ ਲੰਬੇ ਡੰਗੇ ਦੇ ਨਿਰਮਾਣ ਲਈ 9 ਕਰੋੜ ਰੁਪਏ ਦੀ ਰਾਸ਼ੀ ਦਿੱਤੀ ਜਾਵੇਗੀ।"ਮੰਤਰੀ ਨੇ ਕਿਹਾ, "ਪਿੰਡ ਮਹਿੰਦਲੀ ਕਲਾਂ ਨੂੰ 8.75 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਇੱਕ ਨਵਾਂ 1,800 ਫੁੱਟ ਲੰਬਾ ਡੰਗਾ ਮਿਲੇਗਾ, ਜਿੱਥੇ ਮੈਂ ਪਿਛਲੇ ਸਾਲ ਬਚਾਅ ਕਾਰਜਾਂ ਦੌਰਾਨ ਨਿੱਜੀ ਤੌਰ 'ਤੇ ਸੇਵਾ ਕੀਤੀ ਸੀ। ਪਿੰਡ ਅਗਮਪੁਰ ਵਿੱਚ ਪਿੰਡ ਅਤੇ ਪੁਲ ਦੀ ਸੁਰੱਖਿਆ ਲਈ 12 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਵਿਸ਼ਾਲ 3,200 ਫੁੱਟ ਲੰਬਾ ਡੰਗਾ (ਰੈਵੇਟਮੈਂਟ) ਬਣਾਇਆ ਜਾਵੇਗਾ।"ਉਨ੍ਹਾਂ ਕਿਹਾ, "ਪਿੰਡ ਬੁਰਜ ਵਿਖੇ 7 ਕਰੋੜ ਰੁਪਏ ਦੀ ਲਾਗਤ ਨਾਲ 700 ਫੁੱਟ ਲੰਬਾ ਰੈਵੇਟਮੈਂਟ ਬਣਾਇਆ ਜਾਵੇਗਾ। ਇਸੇ ਤਰ੍ਹਾਂ, ਪਿੰਡ ਅਜੌਲੀ ਵਿਖੇ 3.5 ਕਰੋੜ ਰੁਪਏ ਦੀ ਲਾਗਤ ਨਾਲ 700 ਫੁੱਟ ਲੰਬਾ ਰੈਵੇਟਮੈਂਟ ਬਣਾਇਆ ਜਾਵੇਗਾ, ਜਦੋਂ ਕਿ ਪਿੰਡ ਲੋਧੀਪੁਰ ਨੂੰ 9 ਕਰੋੜ ਰੁਪਏ ਦੀ ਲਾਗਤ ਨਾਲ 2,000 ਫੁੱਟ ਲੰਬੇ ਰੈਵੇਟਮੈਂਟ ਨਾਲ ਸੁਰੱਖਿਅਤ ਕੀਤਾ ਜਾਵੇਗਾ।"ਉਨ੍ਹਾਂ ਅੱਗੇ ਕਿਹਾ ਕਿ "ਇਨ੍ਹਾਂ ਪ੍ਰਮੁੱਖ ਥਾਵਾਂ ਤੋਂ ਇਲਾਵਾ ਭਲਾਣ, ਤ੍ਰਿਵੇਣੀ ਮੰਦਰ, ਨਾਨਗਰਾਂ ਸਮੇਤ ਹੋਰ ਪਿੰਡਾਂ ਲਈ ਵੀ ਹੜ੍ਹ ਸੁਰੱਖਿਆ ਕਾਰਜ ਪ੍ਰਗਤੀ ਅਧੀਨ ਹਨ ਜਾਂ ਮਨਜ਼ੂਰ ਕੀਤੇ ਗਏ ਹਨ।" ਬੈਂਸ ਨੇ ਕਿਹਾ, "ਇਹਨਾਂ ਪ੍ਰੋਜੈਕਟਾਂ ਵਿੱਚ 11,000 ਫੁੱਟ ਲੰਮੇ ਡੰਗਿਆਂ ਦਾ ਨਿਰਮਾਣ ਸ਼ਾਮਲ ਹੈ। ਅਸੀਂ ਪਹਿਲਾਂ ਹੀ ਜ਼ਮੀਨੀ ਕੰਮ ਮੁਕੰਮਲ ਕਰ ਲਿਆ ਹੈ ਅਤੇ ਸਥਾਨਕ ਮੰਗਾਂ ਦੇ ਆਧਾਰ 'ਤੇ ਇਸ ਦੇ ਵਿਸਥਾਰ ਲਈ ਵਚਨਬੱਧ ਹਾਂ।"ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਇਲਾਕਾ ਨਿਵਾਸੀਆਂ ਨੂੰ ਭਰੋਸਾ ਦਿਵਾਇਆ ਉਨ੍ਹਾਂ ਕਿਹਾ, "ਮੈਂ ਨਿੱਜੀ ਤੌਰ 'ਤੇ ਇਨ੍ਹਾਂ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਨਿਗਰਾਨੀ ਕਰ ਰਿਹਾ ਹਾਂ ਅਤੇ ਮੈਂ ਇਸ ਮਾਨਸੂਨ ਦੀ ਸ਼ੁਰੂਆਤ ਤੋਂ ਪਹਿਲਾਂ ਹੜ੍ਹ ਸੁਰੱਖਿਆ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।"

# ਸ਼੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿਖੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ

ਰਈਆ
ਕਾਰਤਿਕ ਰਿਖੀ

ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਅਧੀਨ ਚੱਲ ਰਹੇ ਸ਼੍ਰੀ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ ਵਿੱਚ ਉਪ ਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਜੀ ਅਤੇ ਡੀਨ ਕਾਲਜ ਵਿਕਾਸ ਕੌਂਸਲ ਪ੍ਰੋ. (ਡਾ.) ਸਰੋਜ ਅਰੋੜਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਯੋਗ ਅਗਵਾਈ ਹੇਠ 'ਜਨਰਲ ਮੈਂਟਲ ਹੈਲਥ' ਵਿਸ਼ੇ 'ਤੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਮੂਲ ਉਦੇਸ਼ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਨੂੰ ਮਜ਼ਬੂਤ ਬਣਾਉਣਾ ਅਤੇ ਉਹਨਾਂ ਨੂੰ ਮਾਨਸਿਕ ਤੌਰ 'ਤੇ ਸਸ਼ਕਤ ਕਰਨਾ ਸੀ।

ਬਿਰਲਾ ਐਜੂਕੇਸ਼ਨ ਟਰੱਸਟ ਦੇ ਐਮ ਪਾਵਰ ਪ੍ਰੋਜੈਕਟ ਅਧੀਨ ਲਗਾਈ ਇਸ ਵਰਕਸ਼ਾਪ ਦੇ ਮੁਖ ਬੁਲਾਰੇ ਸਾਜਨਦੀਪ ਸਿੰਘ ਨੇ ਵਿਦਿਆਰਥੀਆਂ ਨਾਲ ਰੂਬਰੂ ਹੁੰਦਿਆਂ ਮਾਨਸਿਕ ਸਿਹਤ ਨਾਲ ਸੰਬੰਧਿਤ ਮਹੱਤਵਪੂਰਨ ਪਹਿਲੂਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਮਾਨਸਿਕ ਤਣਾਅ ਦੇ ਕਾਰਨਾਂ, ਉਸਦੇ ਪ੍ਰਭਾਵਾਂ ਅਤੇ ਬਚਾਅ ਦੇ ਪ੍ਰਭਾਵਸ਼ਾਲੀ ਤਰੀਕਿਆਂ ਬਾਰੇ ਵੀ ਵਿਸਥਾਰ ਨਾਲ ਦੱਸਿਆ।

ਇਸ ਮੌਕੇ ਕਾਲਜ ਇੰਚਾਰਜ ਡਾ.ਹਰਸਿਮਰਨ ਕੌਰ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਮਨੁੱਖ ਲਈ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਮਾਨਸਿਕ ਤੰਦਰੁਸਤੀ ਵੀ ਬਹੁਤ ਜ਼ਰੂਰੀ ਹੈ।

ਉਨ੍ਹਾਂ ਨੇ ਕਿਹਾ ਕਿ ਟੈਕਨੋਲੋਜੀ ਦੇ ਇਸ ਯੁੱਗ ਵਿੱਚ ਮਨੁੱਖ ਵਧੇਰੇ ਤਕਨਾਲੋਜੀ ਨਾਲ ਜੁੜਦਾ ਜਾ ਰਿਹਾ ਹੈ ਜਿਸ ਕਾਰਨ ਇਕੱਲੇਪਨ ਵੱਧ ਰਿਹਾ ਹੈ, ਇਸ ਲਈ ਮਾਨਸਿਕ ਤੌਰ 'ਤੇ ਮਜ਼ਬੂਤ ਰਹਿਣਾ ਸਮੇਂ ਦੀ ਲੋੜ ਹੈ।

ਇਸ ਇਕ ਰੋਜਾ ਵਰਕਸ਼ਾਪ ਦੇ ਅੰਤ ਵਿੱਚ ਕਾਲਜ ਇੰਚਾਰਜ ਅਤੇ ਸਟਾਫ ਵੱਲੋਂ ਮੁਖ ਮਹਿਮਾਨ ਨੂੰ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਜਸਵਿੰਦਰ ਕੌਰ, ਕਰਮਬੀਰ ਸਿੰਘ, ਹੀਰਾ ਲਾਲ, ਮਨੀਸ਼ਾ, ਗਗਨ ਸ਼ਰਮਾ ਅਤੇ ਰੋਹਿਤ ਗੁਪਤਾ ਸਮੇਤ ਹੋਰ ਸਟਾਫ ਮੈਂਬਰ ਮੌਜੂਦ ਸਨ।







RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਖ਼ਾਲਸਾ ਗੁਰਮਤਿ ਅਕੈਡਮੀ ਦੇ ਕੀਰਤਨੀਏ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ

ਮੈਰੀਲੈਂਡ
ਸਾਂਝੀ ਸੋਚ ਬਿਊਰੋ

ਗੁਰਦੁਆਰਾ ਸਿੱਖ ਐਸੋਸ਼ੇਸਨ ਬਾਲਟੀਮੋਰ, ਮੈਰੀਲੈਂਡ ਵੱਲੋਂ ਗੁਰੂ ਘਰ ਵਿਖੇ ਸਹਿਬਜ਼ਾਦਾ ਅਜੀਤ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ, ਸਤਿਕਾਰ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪਵਿੱਤਰ ਸਮਾਗਮ ਵਿੱਚ ਬਾਲਟੀਮੋਰ ਅਤੇ ਆਲੇ-ਦੁਆਲੇ ਦੀਆਂ ਸੰਗਤਾਂ ਨੇ ਹਾਜ਼ਰੀ ਭਰੀ। ਸਮਾਗਮ ਦੀ ਸ਼ੁਰੂਆਤ ਭਾਈ ਗੁਰਦੇਵ ਸਿੰਘ ਜੀ ਦੇ ਜਥੇ ਵੱਲੋਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਖ਼ਾਲਸਾ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਮਧੁਰ ਕੀਰਤਨ ਨਾਲ ਹਾਜ਼ਰੀ ਲਗਵਾਈ। ਜਿਸ ਨਾਲ ਸੰਗਤਾਂ ਨਿਹਾਲ ਹੋਈਆਂ। ਇਸ ਮੌਕੇ ਭਾਈ ਲਖਵਿੰਦਰ ਸਿੰਘ ਸਕੱਤਰ ਨੇ ਸਹਿਬਜ਼ਾਦਿਆਂ ਦੇ ਇਤਿਹਾਸ ‘ਤੇ ਚਾਨਣਾ ਪਾਉਂਦਿਆਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਜੀ ਦੇ ਸਾਹਿਬਜ਼ਾਦਿਆਂ ਦੇ ਬਲਿਦਾਨ ਤੋਂ ਪ੍ਰੇਰਨਾ ਲੈਣ ਲਈ ਉਤਸ਼ਾਹਿਤ ਕੀਤਾ। ਭਾਈ ਹਰਬੰਸ ਸਿੰਘ ਖਾਲਸਾ ਜੀ ਨੇ ਫੱਗਣ ਮਹੀਨੇ ਦੇ ਸਲੋਕ ਦੀ ਕਥਾ ਕਰਦੇ ਹੋਏ, ਫੱਗਣ ਮਹੀਨੇ ਦੀ ਅਹਿਮੀਅਤ ਅਤੇ ਗੁਰੂ ਸਾਹਿਬਾਨ ਦੇ ਇਸ ਮਹੀਨੇ ਨਾਲ ਸੰਬੰਧਿਤ ਆਤਮਕ ਮੋਹ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੀ ਕਥਾ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਹੋਰ ਡੂੰਘੇ ਤੌਰ ‘ਤੇ ਜੋੜਿਆ। ਇਸ ਮੌਕੇ ਖ਼ਾਲਸਾ ਅਕੈਡਮੀ ਦੇ ਕੀਰਤਨੀ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਨਾਲ ਹੀ ਪ੍ਰਵਾਸ ਵਿੱਚ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਬੱਚਿਆਂ ਨੂੰ ਫਰੇਮ ਭੇਟ ਕੀਤੇ ਗਏ, ਜਿਨ੍ਹਾਂ ‘ਤੇ ਲਿਖਿਆ ਸੀ:

ਪੰਜਾਬੀ ਪੜੋ।
ਪੰਜਾਬੀ ਬੋਲੋ।
ਪੰਜਾਬੀ ਸਿੱਖੋ।
ਪੰਜਾਬੀ ਲਿਖੋ।

ਇਹ ਫਰੇਮ ਬੱਚਿਆਂ ਨੂੰ ਆਪਣੇ ਘਰਾਂ ਦੀਆਂ ਦੀਵਾਰਾਂ ‘ਤੇ ਲਗਾਉਣ ਲਈ ਦਿੱਤੇ ਗਏ, ਤਾਂ ਜੋ ਉਹ ਹਰ ਰੋਜ਼ ਆਪਣੀ ਮਾਂ-ਬੋਲੀ ਨਾਲ ਜੁੜੇ ਰਹਿਣ ਤੇ ਪੰਜਾਬੀ ਸਿੱਖਣ ਲਈ ਪ੍ਰੇਰਿਤ ਹੋਣ। ਬੱਚਿਆਂ ਵੱਲੋਂ ਗੁਪਤ ਸੇਵਾ ਕਰਨ ਵਾਲੀ ਇੱਕ ਮਹਾਨ ਸ਼ਖ਼ਸੀਅਤ ਦਾ ਵੀ ਧੰਨਵਾਦ ਵੀ ਗੁਪਤ ਤੋਰ ਤੇ ਕੀਤਾ ਗਿਆ, ਜਿਨ੍ਹਾਂ ਨੇ ਨਿਸ਼ਕਾਮ ਭਾਵਨਾ ਨਾਲ ਵਿਦਿਆਰਥੀਆਂ ਦੇ ਸਨਮਾਨ ਦੀ ਸੇਵਾ ਕੀਤੀ। ਇਸ ਸਮਾਗਮ ਦੌਰਾਨ ਡਾ.ਸੁਰਿੰਦਰ ਸਿੰਘ ਗਿੱਲ ਮੁੱਖ ਸੇਵਾਦਾਰ ਖਾਲਸਾ ਸਕੂਲ ਬਾਲਟੀਮੋਰ, ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ “ਸੰਗਤ ਸੁਪਰੀਮ ਹੈ।” ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਪੰਜਾਬੀ ਸਕੂਲ ਵਿੱਚ ਦਾਖ਼ਲ ਕਰਵਾਕੇ ਵਿਸਾਖੀ ਤੱਕ 100 ਬੱਚਿਆਂ ਦਾ ਲਕਸ਼ ਪੂਰਾ ਕਰਨ, ਤਾਂ ਜੋ ਸਰਕਾਰ ਵੱਲੋਂ ਮੈਚਿੰਗ ਗਰਾਂਟ ਪ੍ਰਾਪਤ ਕੀਤੀ ਜਾ ਸਕੇ। ਬੱਚੇ ਚਾਰ ਸਾਲ ਤੋਂ ਲੈ ਕੇ ਪੰਦਰਾਂ ਸਾਲ ਦੇ ਹੋਣੇ ਲਾਜ਼ਮੀ ਚਾਹੀਦੇ ਹਨ। ਕਿਉਂਕਿ ਸਕੂਲ ਵਿੱਚ ਚਾਰ ਸਾਲ ਦਾ ਬੱਚਾ ਦਾਖਲ ਕੀਤਾ ਜਾਂਦਾ ਹੈ। ਪੰਦਰਾ ਸਾਲ ਦੀ ਉਮਰ ਤੱਕ ਪੰਜਾਬੀ ਪੜਨੀ, ਬੋਲਣੀ, ਲਿਖਣੀ ਸਿਖਾਕੇ ਗੁਰਮਤਿ ਦੇ ਧਾਰਣੀ ਬਣਾਇਆ ਜਾਂਦਾ ਹੈ। ਅੰਤ ਵਿੱਚ ਇਨਾਮਾਂ ਦੀ ਵੰਡ ਮੁੱਖ ਗ੍ਰੰਥੀ ਸਾਹਿਬ, ਉਪ ਪ੍ਰਧਾਨ ਗੁਰਿੰਦਰ ਸਿੰਘ ਅਤੇ ਸਕੱਤਰ ਸਾਹਿਬ ਵੱਲੋਂ ਕੀਤੀ ਗਈ। ਸਮਾਗਮ ਦੀ ਸਮਾਪਤੀ ਅਰਦਾਸ ਅਤੇ ਲੰਗਰ ਦੀ ਸੇਵਾ ਨਾਲ ਹੋਈ। ਇਹ ਸਮਾਗਮ ਸਹਿਬਜ਼ਾਦਿਆਂ ਦੀ ਕੁਰਬਾਨੀ, ਗੁਰਮਤਿ ਸਿਧਾਂਤਾਂ ਅਤੇ ਪੰਜਾਬੀ ਭਾਸ਼ਾ ਦੀ ਸੰਭਾਲ ਪ੍ਰਤੀ ਸੰਗਤਾਂ ਦੀ ਵਚਨਬੱਧਤਾ ਦਾ ਪ੍ਰਤੀਕ ਬਣ ਕੇ ਸਾਹਮਣੇ ਆਇਆ। ਜਿਸ ਨੂੰ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ ਨਾਲ ਨਿਵਾਜਿਆ ਹੈ।













# ਮਹਾ ਸ਼ਿਵਰਾਤਰੀ ਮੌਕੇ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਸਿੰਘ ਮਾਨ ਨੇ ਸ੍ਰੀ ਰਣਕੇਸ਼ਵਰ ਮਹਾਦੇਵ ਮੰਦਰ ਵਿਖੇ ਮੱਥਾ ਟੇਕਿਆ, ਪੰਜਾਬ ਦੀ ਸ਼ਾਂਤੀ ਅਤੇ ਖ਼ੁਸ਼ਹਾਲੀ ਲਈ ਕੀਤੀ ਪ੍ਰਾਰਥਨਾ

ਧੂਰੀ
ਸਾਂਝੀ ਸੋਚ ਬਿਊਰੋ

ਮਹਾਸ਼ਿਵਰਾਤਰੀ ਦੇ ਪਵਿੱਤਰ ਮੌਕੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਤਿਕਾਰਯੋਗ ਸ਼੍ਰੀ ਰਣਕੇਸ਼ਵਰ ਮਹਾਦੇਵ ਮੰਦਰ ਵਿੱਚ ਮੱਥਾ ਟੇਕਿਆ ਅਤੇ ਇਤਿਹਾਸਕ ਸਿੱਧ ਪੀਠ ਵਿੱਚ ਪੂਜਾ ਕੀਤੀ ਅਤੇ ਪੰਜਾਬ ਤੇ ਦੇਸ਼ ਦੀ ਸ਼ਾਂਤੀ, ਖੁਸ਼ਹਾਲੀ ਅਤੇ ਨਿਰੰਤਰ ਤਰੱਕੀ ਲਈ ਅਸ਼ੀਰਵਾਦ ਮੰਗਿਆ। ਤਿਉਹਾਰ 'ਤੇ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ‘ਆਪ' ਮੁਖੀ ਨੇ ਮਹਾਸ਼ਿਵਰਾਤਰੀ ਨੂੰ ਭਾਰਤ ਦੀ ਪ੍ਰਾਚੀਨ ਅਧਿਆਤਮਿਕ ਪਰੰਪਰਾ ਵਾਲਾ ਤਿਉਹਾਰ ਦੱਸਿਆ ਅਤੇ ਪ੍ਰਾਰਥਨਾ ਕੀਤੀ ਕਿ ਭਗਵਾਨ ਭੋਲੇ ਨਾਥ ਦੀ ਕਿਰਪਾ ਹਮੇਸ਼ਾ ਹਰੇਕ ਨਾਗਰਿਕ 'ਤੇ ਬਣੀ ਰਹੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਆਉਣ ਵਾਲੀਆਂ ਪੀੜ੍ਹੀਆਂ ਲਈ ਸੂਬੇ ਦੀ ਅਮੀਰ ਅਧਿਆਤਮਿਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਵਸ ਮਨਾਉਣ ਤੋਂ ਲੈ ਕੇ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਮਨਾਉਣ ਤੱਕ ਪੰਜਾਬ ਆਪਣੀ ਸ਼ਾਨਦਾਰ ਵਿਰਾਸਤ ਨੂੰ ਮਾਣ ਅਤੇ ਸ਼ਰਧਾ ਨਾਲ ਸਤਿਕਾਰ ਦਿੰਦਾ ਰਹਿੰਦਾ ਹੈ। ਸੋਸ਼ਲ ਮੀਡੀਆ ਪਲੇਟਫ਼ਾਰਮ ਐਕਸ 'ਤੇ ‘ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ: "ਮਹਾਸ਼ਿਵਰਾਤਰੀ ਦੇ ਪਵਿੱਤਰ ਮੌਕੇ ਮੈਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਲ ਧੂਰੀ ਦੇ ਸ਼੍ਰੀ ਰਣਕੇਸ਼ਵਰ ਮਹਾਦੇਵ ਮੰਦਰ ਵਿੱਚ ਪ੍ਰਾਰਥਨਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਮਹਾਦੇਵ ਦੀ ਬ੍ਰਹਮ ਊਰਜਾ ਮਨ ਨੂੰ ਸ਼ਾਂਤੀ ਅਤੇ ਆਤਮਾ ਨੂੰ ਨਵੀਂ ਤਾਕਤ ਦਿੰਦੀ ਹੈ। ਭਗਵਾਨ ਭੋਲੇ ਨਾਥ ਦਾ ਆਸ਼ੀਰਵਾਦ ਹਮੇਸ਼ਾ ਤੁਹਾਡੇ ਸਾਰਿਆਂ 'ਤੇ ਬਣਿਆ ਰਹੇ ਅਤੇ ਦੇਸ਼ ਤੇ ਪੰਜਾਬ ਤਰੱਕੀ ਤੇ ਖ਼ੁਸ਼ਹਾਲੀ ਵੱਲ ਵਧਦੇ ਰਹਿਣ।"

ਇਸ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਕਿਹਾ: "ਅੱਜ ਮਹਾਸ਼ਿਵਰਾਤਰੀ ਦੇ ਮੌਕੇ 'ਤੇ ਮੈਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਦੇ ਨਾਲ ਧੂਰੀ ਹਲਕੇ ਦੇ ਪਿੰਡ ਰਣੀਕੇ ਸਥਿਤ ਸ਼੍ਰੀ ਰਣਕੇਸ਼ਵਰ ਮੰਦਿਰ ਵਿੱਚ ਭਗਵਾਨ ਸ਼ਿਵ ਦਾ ਆਸ਼ੀਰਵਾਦ ਲਿਆ ਅਤੇ ਮੱਥਾ ਟੇਕਿਆ। ਮੈਂ ਦੇਸ਼ ਦੀ ਖ਼ੁਸ਼ਹਾਲੀ, ਸ਼ਾਂਤੀ ਅਤੇ ਸਦਭਾਵਨਾ ਅਤੇ ਸਾਰਿਆਂ ਵਿੱਚ ਸਥਾਈ ਭਾਈਚਾਰੇ ਲਈ ਪ੍ਰਾਰਥਨਾ ਕੀਤੀ। ਭਗਵਾਨ ਸ਼ਿਵ ਦਾ ਆਸ਼ੀਰਵਾਦ ਹਮੇਸ਼ਾ ਸਾਰਿਆਂ 'ਤੇ ਬਣਿਆ ਰਹੇ।" 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ ਸ਼੍ਰੀ ਰਣਕੇਸ਼ਵਰ ਮਹਾਦੇਵ ਮੰਦਰ ਵਿੱਚ ਮੱਥਾ ਟੇਕਿਆ ਅਤੇ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖ਼ੁਸ਼ਹਾਲੀ ਲਈ ਪ੍ਰਾਰਥਨਾ ਕੀਤੀ।" ਉਨ੍ਹਾਂ ਕਿਹਾ, "ਮਹਾਸ਼ਿਵਰਾਤਰੀ ਦੇ ਸ਼ੁਭ ਮੌਕੇ ਅਸੀਂ ਸਿੱਧ ਪੀਠ ਵਿੱਚ ਪੂਜਾ ਕੀਤੀ ਅਤੇ ਲੋਕਾਈ ਦੀ ਭਲਾਈ ਲਈ ਪ੍ਰਾਰਥਨਾ ਕੀਤੀਉਨ੍ਹਾਂ ਕਿਹਾ, "ਮਹਾਸ਼ਿਵਰਾਤਰੀ ਲੋਕਾਂ ਨੂੰ ਸੱਚ ਦੀ ਭਾਲ ਵੱਲ ਯਤਨ ਕਰਨ ਲਈ ਪ੍ਰੇਰਿਤ ਕਰਦੀ ਹੈ, ਜੋ ਭਗਵਾਨ ਸ਼ਿਵ ਦੁਆਰਾ ਦਰਸਾਈ ਗਈ ਅੰਤਮ ਚੇਤਨਾ ਵੱਲ ਲੈ ਜਾਂਦੀ ਹੈ।" ਉਨ੍ਹਾਂ ਅੱਗੇ ਕਿਹਾ, "ਇਹ ਤਿਉਹਾਰ ਧਾਰਮਿਕਤਾ, ਸ਼ਰਧਾ, ਆਪਸੀ ਪਿਆਰ ਅਤੇ ਸਦਭਾਵਨਾ 'ਤੇ ਜ਼ੋਰ ਦਿੰਦਾ ਹੈ।"ਇਸ ਮੌਕੇ ਦੀ ਸੱਭਿਆਚਾਰਕ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਇੱਕ ਮਹੱਤਵਪੂਰਨ ਤਿਉਹਾਰ ਹੈ, ਜਿਸ ਨੂੰ ਮਹਾਨ ਭਾਰਤੀ ਸੱਭਿਅਤਾ ਦੇ ਆਧਾਰ ਵਜੋਂ ਜਾਣਿਆ ਜਾਂਦਾ ਹੈ।" ਉਨ੍ਹਾਂ ਨੇ ਅੱਗੇ ਕਿਹਾ, "ਸ਼੍ਰੀ ਰਣਕੇਸ਼ਵਰ ਮਹਾਦੇਵ ਨੂੰ ਪੰਜਾਬ ਦੇ ਮਾਲਵਾ ਖੇਤਰ ਵਿੱਚ ਇੱਕ ਸਤਿਕਾਰਯੋਗ ਸਿੱਧ ਪੀਠ ਮੰਨਿਆ ਜਾਂਦਾ ਹੈ।" ਅਜਿਹੇ ਸਥਾਨਾਂ ਦੀ ਅਧਿਆਤਮਿਕ ਵਿਰਾਸਤ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ, "ਇਤਿਹਾਸਕ ਤੌਰ 'ਤੇ ਸਿੱਧ ਪੀਠਾਂ ਨੂੰ ਪਵਿੱਤਰ ਸਥਾਨ ਮੰਨਿਆ ਜਾਂਦਾ ਹੈ, ਜਿੱਥੇ ਡੂੰਘਾਈ ਨਾਲ ਤਪੱਸਿਆ ਅਤੇ ਅਧਿਆਤਮਿਕ ਅਭਿਆਸ ਕੀਤੇ ਜਾਂਦੇ ਸਨ, ਜਿਸ ਨਾਲ ਬ੍ਰਹਮ ਪ੍ਰਗਟ ਹੁੰਦੇ ਸਨ।"ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੀ ਪਰੰਪਰਾ ਵਿੱਚ ਅਜਿਹੇ ਸਥਾਨਾਂ ਦਾ ਬਹੁਤ ਮਹੱਤਵ ਹੈ ਕਿਉਂਕਿ ਇਹ ਮੰਨਿਆ ਜਾਂਦਾ ਹੈ ਕਿ ਸਦੀਆਂ ਦੀ ਭਗਤੀ ਅਤੇ ਤਪੱਸਿਆ ਦੁਆਰਾ ਅਧਿਆਤਮਿਕ ਸ਼ਕਤੀ ਮਿਲਦੀ ਹੈ।" ਉਨ੍ਹਾਂ ਅੱਗੇ ਕਿਹਾ, "ਇਹ ਮੰਦਰ ਰਵਾਇਤੀ ਤੌਰ 'ਤੇ ਮਹਾਭਾਰਤ ਕਾਲ ਨਾਲ ਜੁੜਿਆ ਹੋਇਆ ਹੈ, ਖਾਸ ਕਰਕੇ ਭਗਵਾਨ ਸ਼ਿਵ ਨੂੰ ਖ਼ੁਸ਼ ਕਰਨ ਲਈ ਅਰਜੁਨ ਦੀ ਤਪੱਸਿਆ ਨਾਲ।" ਉਨ੍ਹਾਂ ਅੱਗੇ ਕਿਹਾ, "ਇਹ ਮੰਨਿਆ ਜਾਂਦਾ ਹੈ ਕਿ ਡੂੰਘੀ ਤਪੱਸਿਆ ਤੋਂ ਬਾਅਦ ਭਗਵਾਨ ਸ਼ਿਵ ਅਰਜੁਨ ਦੇ ਸਾਹਮਣੇ ਪ੍ਰਗਟ ਹੋਏ ਅਤੇ ਉਨ੍ਹਾਂ ਨੂੰ ਬ੍ਰਹਮ ਹਥਿਆਰ ਗਾਂਡੀਵ ਧਨੁਸ਼ ਦਾ ਵਰਦਾਨ ਦਿੱਤਾ।" ਇਸ ਸਥਾਨ ਨੂੰ ਭਾਰਤ ਦੀ ਮਹਾਂਕਾਵਿ ਵਿਰਾਸਤ ਨਾਲ ਜੋੜਦੇ ਹੋਏ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਸਥਾਨ ਭਾਰਤ ਦੇ ਮਹਾਨ ਮਹਾਂਕਾਵਾਂ ਵਿੱਚੋਂ ਇੱਕ ਨਾਲ ਸਬੰਧਤ ਹੈ, ਜਿਸ ਨਾਲ ਇਸ ਨੂੰ ਡੂੰਘੀ ਮਿਥਿਹਾਸਕ ਅਤੇ ਇਤਿਹਾਸਕ ਪਛਾਣ ਮਿਲਦੀ ਹੈ।" ਉਨ੍ਹਾਂ ਅੱਗੇ ਕਿਹਾ, "ਸ਼੍ਰੀ ਰਣਕੇਸ਼ਵਰ ਮਹਾਦੇਵ ਮਾਲਵਾ ਪੱਟੀ ਵਿੱਚ ਸ਼ਿਵ ਭਗਤੀ ਦੀ ਇਸ ਨਿਰੰਤਰਤਾ ਨੂੰ ਦਰਸਾਉਂਦਾ ਹੈ।

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.

## HOMEOPATHIC NATURAL MEDICINES

**When Tired of All Treatments,**
**For any Disease, at any Age**
**Try Alternative Treatment**

**Safe and Effective Medicines without any Side Effects**



GURDIP S SANDHU




**Consultant/Physician Since 1973**
**DHMS-Gold Medalist, BAMS, MDEH**
**Ex-Prof, Principal & CMO Medical Colleges/Hospitals in India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਭਗਵਾਨ ਸ਼ਿਵ ਅਤੇ ਪਾਰਵਤੀ ਦਾ ਮੇਲ ਮਨੁੱਖ ਨੂੰ ਜੀਵਨ ਦੇ ਉਦੇਸ਼ ਲਈ ਜਗਾਉਂਦਾ ਹੈ ਸ਼ਿਵ ਪਰਮ ਆਤਮਾ ਨੂੰ ਦਰਸਾਉਂਦਾ ਹੈ, ਅਤੇ ਪਾਰਵਤੀ ਆਤਮਾ ਨੂੰ ਦਰਸਾਉਂਦੀ ਹੈ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਮਜੀਠਾ ਰੋਡ ਸਥਿਤ ਗੋਪਾਲ ਮੰਦਿਰ ਵਿਚ ਆਯੋਜਿਤ ਪੰਜ ਦਿਨਾਂ ਸ਼੍ਰੀ ਸ਼ਿਵ ਕਥਾ ਦੇ ਆਖਰੀ ਦਿਨ ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਸੇਵਿਕਾ ਸਾਧਵੀ ਮਨਸਵਿਨੀ ਭਾਰਤੀ ਨੇ ਭਗਵਾਨ ਸ਼ਿਵ ਅਤੇ ਦੇਵੀ ਪਾਰਵਤੀ ਦੇ ਵਿਆਹ ਦੀ ਕਥਾ ਸੁਣਾਈ। ਉਨ੍ਹਾਂ ਦੱਸਿਆ ਕਿ ਭਗਵਾਨ ਸ਼ਿਵ ਅਤੇ ਪਾਰਵਤੀ ਦਾ ਮੇਲ ਮਨੁੱਖ ਨੂੰ ਜੀਵਨ ਦੇ ਉਦੇਸ਼ ਲਈ ਜਗਾਉਂਦਾ ਹੈ। ਸ਼ਿਵ ਪਰਮ ਆਤਮਾ ਨੂੰ ਦਰਸਾਉਂਦਾ ਹੈ, ਅਤੇ ਪਾਰਵਤੀ ਆਤਮਾ ਨੂੰ ਦਰਸਾਉਂਦੀ ਹੈ। ਮਨੁੱਖੀ ਜੀਵਨ ਆਤਮਾ ਅਤੇ ਪਰਮ ਆਤਮਾ ਦੇ ਮੇਲ ਲਈ ਇੱਕ ਦੁਰਲੱਭ ਮੌਕਾ ਹੈ। ਹਾਲਾਂਕਿ, ਇੱਕ ਚਿੰਤਨਸ਼ੀਲ ਜੀਵ ਹੋਣ ਦੇ ਬਾਵਜੂਦ, ਇੱਕ ਮਨੁੱਖ ਇਸ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਅਸਮਰੱਥ ਹੈ ਕਿਉਂਕਿ ਉਹ ਜੀਵਨ ਦੇ ਇਸ ਰਹੱਸ ਤੋਂ ਅਣਜਾਣ ਹਨ। ਇਹ ਉਹੀ ਸਥਿਤੀ ਹੈ ਜਿਸਦਾ ਸਾਹਮਣਾ ਹਿਮਾਵਨ ਅਤੇ ਮੈਨਾ ਨੇ ਹਿਮਾਲਿਆ ਵਿੱਚ ਕੀਤਾ ਸੀ। ਉਹ ਸ਼ਕਤੀ, ਆਪਣੀ ਧੀ ਦੇ ਰੂਪ ਨੂੰ ਪਛਾਣਨ ਵਿੱਚ ਅਸਫਲ ਰਹੇ, ਅਤੇ ਭਗਵਾਨ ਸ਼ਿਵ ਨੂੰ ਆਪਣੇ ਦਰਵਾਜ਼ੇ 'ਤੇ ਖੜ੍ਹੇ ਸਨ। ਹਾਲਾਂਕਿ, ਜਦੋਂ ਨਾਰਦ ਜੀ ਨੇ ਆ ਕੇ ਉਨ੍ਹਾਂ ਨੂੰ ਗਿਆਨ ਦਿੱਤਾ, ਤਾਂ ਉਹ ਸੱਚਾਈ ਨੂੰ ਸਮਝਣ ਦੇ ਯੋਗ ਹੋ ਗਏ। ਮਨੁੱਖ ਆਪਣੇ ਅੰਦਰਲੇ ਪਰਮਾਤਮਾ ਨੂੰ ਨਾ ਜਾਣਨ ਕਾਰਨ ਦੁਖੀ ਅਤੇ ਬੇਚੈਨ ਵੀ ਹਨ।

ਪਰ ਉਹ ਉਸਨੂੰ ਉਦੋਂ ਤੱਕ ਨਹੀਂ ਜਾਣ ਸਕਦੇ ਜਦੋਂ ਤੱਕ ਨਾਰਦ ਦੇ ਰੂਪ ਵਿੱਚ ਇੱਕ ਗੁਰੂ ਉਨ੍ਹਾਂ ਦੇ ਜੀਵਨ ਵਿੱਚ ਨਹੀਂ ਆਉਂਦਾ। ਕਿਉਂਕਿ ਇਹ ਬ੍ਰਹਿਮੰਡ ਦਾ ਸਦੀਵੀ ਨਿਯਮ ਹੈ ਕਿ ਜਿਸ ਕਿਸੇ ਨੂੰ ਵੀ ਪਰਮਾਤਮਾ ਦੇ ਰਹੱਸ ਦੀ ਪੁਸ਼ਟੀ ਮਿਲਦੀ ਹੈ, ਉਸ ਦੇ ਜੀਵਨ ਵਿੱਚ ਸਭ ਤੋਂ ਪਹਿਲਾਂ ਸੰਪੂਰਨ ਗੁਰੂ ਆਉਂਦਾ ਹੈ। ਗੁਰੂ ਦੀ ਪਛਾਣ ਬਾਰੇ ਦੱਸਦੇ ਹੋਏ, ਸਾਧਵੀ ਜੀ ਨੇ ਕਿਹਾ ਕਿ ਗੁਰੂ ਸ਼ਬਦ ਦੋ ਸ਼ਬਦਾਂ ਨੂੰ ਜੋੜ ਕੇ ਬਣਿਆ ਹੈ: ਗੁ ਅਤੇ ਰੂ (ਗੁ ਦਾ ਅਰਥ ਹੈ ਹਨੇਰਾ ਅਤੇ ਰੂ ਦਾ ਅਰਥ ਹੈ ਰੌਸ਼ਨੀ)।

ਜੋ ਵਿਅਕਤੀ ਦੇ ਅੰਤਹਕਰਣ ਦੇ ਅੰਦਰ ਹਨੇਰੇ ਅਤੇ ਬ੍ਰਹਮ ਸੰਦੇਸ਼ਾਂ ਨੂੰ ਪ੍ਰਕਾਸ਼ ਅਤੇ ਸਵੈ-ਗਿਆਨ ਦੁਆਰਾ ਦੂਰ ਕਰਦਾ ਹੈ, ਉਹ ਇੱਕ ਸੱਚਾ ਬ੍ਰਹਮ-ਸਮਰਪਿਤ ਗੁਰੂ ਹੈ। ਹਾਲਾਂਕਿ, ਅੱਜ, ਅਜਿਹੇ ਗੁਰੂ ਦੀ ਘਾਟ ਕਾਰਨ, ਮਨੁੱਖੀ ਅੰਤਹਕਰਣ ਹਨੇਰੇ ਨਾਲ ਭਰੇ ਹੋਏ ਹਨ। ਜਿਵੇਂ ਅਸੀਂ ਬਾਹਰ ਹਨੇਰਾ ਹੋਣ 'ਤੇ ਆਪਣਾ ਰਸਤਾ ਭੁੱਲ ਜਾਂਦੇ ਹਾਂ, ਉਸੇ ਤਰ੍ਹਾਂ ਪਰਿਵਾਰ, ਸਮਾਜ, ਦੇਸ਼ ਅਤੇ ਕੌਮ ਦੀ ਸਥਿਤੀ ਵੀ ਇਸੇ ਤਰ੍ਹਾਂ ਦੀ ਹੈ। ਦੁਸ਼ਮਣੀ, ਹਫੜਾ-ਦਫੜੀ, ਖੂਨ-ਖਰਾਬਾ ਅਤੇ ਸੱਭਿਆਚਾਰ ਦੀ ਘਾਟ ਹਰ ਜਗ੍ਹਾ ਦਿਖਾਈ ਦਿੰਦੀ ਹੈ। ਸਮਾਜ ਵਿੱਚ, ਭਰਾ ਇੱਕ ਦੂਜੇ ਦੇ ਵਿਰੁੱਧ ਹੁੰਦੇ ਦਿਖਾਈ ਦਿੰਦੇ ਹਨ, ਅਤੇ ਪਿਤਾ-ਪੁੱਤਰ ਕੁਝ ਰੁਪਏ ਲਈ ਮਾਰੇ ਜਾ ਰਹੇ ਹਨ। ਪਰ ਸਵਾਲ ਇਹ ਹੈ ਕਿ ਅਜਿਹੀ ਸਥਿਤੀ ਨੂੰ ਕਿਵੇਂ ਸੁਧਾਰਿਆ ਜਾ ਸਕਦਾ ਹੈ? ਜਵਾਬ ਇਹ ਹੈ ਕਿ ਜਿਸ ਤਰ੍ਹਾਂ ਵੇਸਵਾ, ਲੁਟੇਰਾ ਅੰਗੁਲੀਮਾਲਾ ਅਤੇ ਠੱਗ ਸੱਜਣ ਬ੍ਰਹਮਾ-ਭਗਤੀ ਵਾਲੇ ਗੁਰੂ ਦੇ ਗਿਆਨ ਦੁਆਰਾ ਸ਼ਰਧਾਲੂਆਂ ਦੇ ਦਰਜੇ 'ਤੇ ਪਹੁੰਚੇ, ਉਸੇ ਤਰ੍ਹਾਂ ਹਰੇਕ ਵਿਅਕਤੀ ਨੂੰ ਅਜਿਹੇ ਸਦਗੁਰੂ ਦੀ ਲੋੜ ਹੈ। ਤਾਂ ਹੀ ਸਮਾਜ ਵਿੱਚ ਮਹਾਨ ਕ੍ਰਾਂਤੀ ਆ ਸਕਦੀ ਹੈ।ਕਥਾ ਦੌਰਾਨ ਕੈਲਾਸ਼ ਕਲਨ, ਵਿਨੋਦ ਆਨੰਦ, ਸੁਭਾਸ਼ ਸ਼ਰਮਾ, ਸੁਨੀਲ ਆਨੰਦਜਨਰਲ ਸਕੱਤਰ, ਰਾਕੇਸ਼ ਤੁਲੀ ਮੀਤ ਪ੍ਰਧਾਨ, ਨਰੇਸ਼ ਆਨੰਦ ਮੀਤ ਪ੍ਰਧਾਨ, ਸੰਜੀਵ ਸੇਠ, ਸੰਜੀਵ ਸ਼ਰਮਾ, ਬਲਦੇਵ ਰਾਜ ਮਹਿਰਾ, ਮਨਮੋਹਨ ਸਹਿਗਲ,ਅਸ਼ਵਨੀ ਮਹਾਜਨ, ਕੇਵਲ ਕ੍ਰਿਸ਼ਨ ਦੇਵਸਰ, ਰਾਜੇਸ਼ ਮਰਵਾਹ, ਰਜਿੰਦਰ ਸ਼ਰਮਾ, ਅਸ਼ੋਕ ਮਹਾਜਨ, ਪਰਵੀਨ ਸ਼ਰਮਾ, ਪੰਕਜ ਸੇਠੀ, ਸਵਿੰਦਰ ਸਿੰਘ ਬਬਲਾ, ਸਵਾਮੀ ਰੰਜੀਤਾਨੰਦ ਜੀ, ਸਾਧਵੀ ਕ੍ਰਿਸ਼ਨਪ੍ਰੀਤ ਭਾਰਤੀ ਜੀ, ਸਾਧਵੀ ਨੀਰਜਾ ਭਾਰਤੀ ਜੀ ਹਾਜ਼ਰ ਸਨ।



# ਧੂਰੀ ਬਾਈਪਾਸ ’ਤੇ ਬਰਸਾਤੀ ਪਾਣੀ ਦੀ ਨਿਕਾਸੀ ਲਈ 1.80 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਡਰੇਨ ਦਾ ਕੰਮ ਸ਼ੁਰੂ

ਧੂਰੀ
ਸਾਂਝੀ ਸੋਚ ਬਿਊਰੋ

ਧੂਰੀ ਵਾਸੀਆਂ ਦੀ ਵੱਡੀ ਮੰਗ ਨੂੰ ਪੂਰਾ ਕਰਦਿਆਂ ਅੱਜ ਧੂਰੀ ਸ਼ਹਿਰ ਦੇ ਬਾਈਪਾਸ ਦੇ ਪੁੱਲ ਤੋਂ ਉਤਰਦਿਆਂ ਨਾਨਕਸਰ ਗੁਰਦੁਆਰਾ ਸਾਹਿਬ ਤੋਂ ਮਾਲੇਰਕੋਟਲਾ ਚੌਕ ਤੱਕ ਬਰਸਾਤੀ ਪਾਣੀ ਦੀ ਸੁਚੱਜੀ ਨਿਕਾਸੀ ਲਈ ਸੜਕ ਦੇ ਦੋਵੇਂ ਪਾਸੇ ਕਰੀਬ 1 ਕਿਲੋਮੀਟਰ ਲੰਬੀ ਡਰੇਨ ਦੇ ਕੰਮ ਦੀ ਸ਼ੁਰੂਆਤ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ ਸੁਖਵੀਰ ਸਿੰਘ ਵੱਲੋਂ ਕਰਵਾਈ ਗਈ। ਇਸ ਡਰੇਨ ਦੇ ਨਿਰਮਾਣ, ਸੜਕ ਦੀ ਮੁਰੰਮਤ ਅਤੇ ਇੰਟਰਲਾਕ ਟਾਈਲਾਂ ਲਗਾਉਣ ’ਤੇ ਲਗਭਗ 1 ਕਰੋੜ 80 ਲੱਖ ਰੁਪਏ ਦੀ ਲਾਗਤ ਆਵੇਗੀ।ਇਸ ਮੌਕੇ ਓ.ਐਸ.ਡੀ ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਦੇ ਵਾਰਡ ਨੰਬਰ 18, 19, 20 ਅਤੇ 21 ਦੇ ਵਸਨੀਕਾਂ ਨੂੰ ਬਰਸਾਤ ਦੌਰਾਨ ਖੜਦੇ ਪਾਣੀ ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਦੱਸਿਆ ਕਿ ਇਸ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਤੁਰੰਤ ਕਾਰਵਾਈ ਕਰਦਿਆਂ ਸੜਕ ਦੇ ਦੋਵੇਂ ਪਾਸੇ ਡਰੇਨ ਬਣਾਉਣ ਦੇ ਨਿਰਦੇਸ਼ ਜਾਰੀ ਕੀਤੇ ਅਤੇ ਅੱਜ ਇਸ ਪ੍ਰੋਜੈਕਟ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ।



ਉਨ੍ਹਾਂ ਹੋਰ ਦੱਸਿਆ ਕਿ ਕਰੀਬ 1 ਕਿਲੋਮੀਟਰ ਲੰਬੀ ਬਣਨ ਵਾਲੀ ਇਸ ਡਰੇਨ ਦੇ ਨਾਲ-ਨਾਲ ਸੜਕ ਦੀ ਰਿਪੇਅਰ ਵੀ ਕੀਤੀ ਜਾਵੇਗੀ ਅਤੇ ਬਾਕੀ ਹਿੱਸੇ ’ਤੇ ਬਲਾਕ ਟਾਈਲਾਂ ਲਗਾਈਆਂ ਜਾਣਗੀਆਂ, ਜਿਸ ਨਾਲ ਸੜਕ ਦੀ ਮਜ਼ਬੂਤੀ ਅਤੇ ਸੁੰਦਰਤਾ ਵਿੱਚ ਵਾਧਾ ਹੋਵੇਗਾ।ਓ.ਐਸ.ਡੀ. ਨੇ ਕਿਹਾ ਕਿ ਬਾਈਪਾਸ ਤੋਂ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਵਾਹਨ ਗੁਜ਼ਰਦੇ ਹਨ ਅਤੇ ਬਰਸਾਤ ਦੇ ਦੌਰਾਨ ਪੁਲ ਤੋਂ ਪਾਣੀ ਥੱਲੇ ਆਉਣ ਕਾਰਨ ਸੜਕ ਉੱਤੇ ਪਾਣੀ ਖੜਾ ਹੋ ਜਾਂਦਾ ਸੀ, ਜਿਸ ਨਾਲ ਰਾਹਗੀਰਾਂ ਅਤੇ ਵਾਹਨ ਚਾਲਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਸੀ। ਡਰੇਨ ਦੇ ਨਿਰਮਾਣ ਨਾਲ ਬਰਸਾਤੀ ਪਾਣੀ ਦੀ ਨਿਕਾਸੀ ਸੁਚਾਰੂ ਹੋਵੇਗੀ ਅਤੇ ਪਾਣੀ ਖੜਾ ਹੋਣ ਦੀ ਸਮੱਸਿਆ ਦਾ ਸਥਾਈ ਹੱਲ ਹੋਵੇਗਾ।

ਇਸ ਉਪਰੰਤ ਓ.ਐਸ.ਡੀ ਸੁਖਵੀਰ ਸਿੰਘ ਨੇ ਪਿੰਡ ਕਿਲ੍ਹਾ ਹਕੀਮਾਂ ਵਿਖੇ 40.24 ਲੱਖ ਰੁਪਏ ਦੀ ਲਾਗਤ ਨਾਲ ਲੱਗਣ ਵਾਲੀਆਂ ਇੰਟਰਲਾਕ ਟਾਈਲਾਂ ਦੇ ਕੰਮ ਦੀ ਵੀ ਸ਼ੁਰੂਆਤ ਕਰਵਾਈ।

ਉਨ੍ਹਾਂ ਕਿਹਾ ਕਿ ਸੜਕ ਦੇ ਦੋਵੇਂ ਪਾਸੇ 5-5 ਫੁੱਟ ਚੌੜਾਈ ਵਿੱਚ ਟਾਈਲਾਂ ਲਗਣ ਨਾਲ ਸੜਕ ਦੀਆਂ ਬਰਮਾ ਮਜ਼ਬੂਤ ਹੋਣਗੀਆਂ ਅਤੇ ਰਾਹਗੀਰਾਂ, ਖ਼ਾਸ ਕਰਕੇ ਪੈਦਲ ਚੱਲਣ ਵਾਲਿਆਂ ਨੂੰ ਵੱਡਾ ਲਾਭ ਮਿਲੇਗਾ।ਇਸ ਮੌਕੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ.ਅਨਵਰ ਭਸੌੜ, ਪੰਜਾਬ ਸਟੇਟ ਟਰੇਡਰਸ ਕਮਿਸ਼ਨ ਧੂਰੀ ਦੇ ਚੇਅਰਮੈਨ ਪੁਸ਼ਪਿੰਦਰ ਸ਼ਰਮਾ ਪੁਸ਼ਪਿੰਦਰ ਸ਼ਰਮਾ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਰਮਨਦੀਪ ਸਿੰਘ ਅਤੇ ਐੱਸ.ਡੀ.ਓ ਨਵਦੀਪ ਬਾਂਸਲ ਸਮੇਤ ਵੱਡੀ ਗਿਣਤੀ ਇਲਾਕਾ ਨਿਵਾਸੀ ਮੌਜੂਦ ਸਨ।

## 38ਵੀਆਂ ਜਰਖੜ ਮਾਡਰਨ ਮਿੰਨੀ ਉਲਿੰਪਕ ਖੇਡਾਂ ਦਾ ਰੰਗਾ ਰੰਗ ਹੋਇਆ ਆਗਾਜ਼

# ਉਦਘਾਟਨੀ ਸਮਾਰੋਹ ਬੇਹੱਦ ਲਾਜਵਾਬ ਹੋਰ ਨਿਬੜਿਆ, ਮੰਤਰੀ ਸੌਂਧ ਵੱਲੋਂ 10 ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ

ਲੁਧਿਆਣਾ
ਸਾਂਝੀ ਸੋਚ ਬਿਊਰੋ

ਜੀਐਸਟੀ ਟਰੱਕ ਪਰਮਿਟ ਯੂਐਸਏ, ਕੋਕਾ ਕੋਲਾ, ਏਵਨ ਸਾਈਕਲ, ਪੈਟਰੋਲੀਅਮ ਬੋਰਡ ਵਲੋਂ ਸਪਾਂਸਰ 38 ਵੀਆਂ ਮਾਡਰਨ ਪੇਂਡੂ ਮਿੰਨੀ ਓਲੰਪਿਕ ਜਰਖੜ ਖੇਡਾਂ ਦਾ ਅੱਜ ਰੰਗਾਰੰਗ ਆਗਾਜ਼ ਹੋਇਆ। ਵੱਖ ਵੱਖ ਕੰਪਨੀਆਂ ਨੇ ਜਰਖੜ ਖੇਡ ਸਟੇਡੀਅਮ ਨੂੰ ਇੱਕ ਨਵ ਵਿਆਹੀ ਦੁਲਹਨ ਵਾਂਗ ਸਜਾਇਆ ਹੋਇਆ ਬਹੁਤ ਹੀ ਕਾਬਲੇ ਤਰੀਫ ਸੀ।

ਅੱਜ 38ਵੀਆਂ ਮਾਡਰਨ ਪੇਂਡੂ ਮਿੰਨੀ ਉਲੰਪਿਕ ਜਰਖੜ ਖੇਡਾਂ ਦਾ ਉਦਘਾਟਨ ਵਿਧਾਇਕ ਜੀਵਨ ਸਿੰਘ ਸੰਗੋਵਾਲ ਹਲਕਾ ਗਿੱਲ, ਮਲਕੀਤ ਸਿੰਘ ਥਿੰਦ ਚੇਅਰਮੈਨ ਪੱਛੜੀਆ ਸ਼੍ਰੇਣੀਆਂ ਪੰਜਾਬ ਸਰਕਾਰ, ਪ੍ਰੀਤਮ ਸਿੰਘ ਗਰੇਵਾਲ ਕੈਬਿਨੇਟ ਰੈਂਕ ਹੰਸਲੋ ਯੂ ਕੇ, ਸ੍ਰੀਮਤੀ ਅਜਮੇਰ ਕੌਰ ਯੂ ਕੇ ਹੋਰਾਂ ਨੇ ਕੀਤਾ। ਦੁਪਹਿਰ ਦੇ ਸੈਸ਼ਨ ਵਿੱਚ ਵਿਧਾਇਕ ਗੁਰਿੰਦਰ ਸਿੰਘ ਗੈਰੀ ਵੜਿੰਗ ਅਮਲੋਹ ਅਤੇ ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ ਮੁਖ ਮਹਿਮਾਨ ਵਜੋਂ ਪੁੱਜੇ। ਜਦ ਕਿ ਸ਼ਾਮ ਦੇ ਸੈਸ਼ਨ ਵਿੱਚ ਤਰਨਪ੍ਰੀਤ ਸਿੰਘ ਸੌਂਧ ਕੈਬਨਿਟ ਮੰਤਰੀ ਪੰਜਾਬ ਸਰਕਾਰ ਨੇ ਮੁੱਖ ਮਹਿਮਾਨ ਵਜੋਂ ਖਿਡਾਰੀਆ ਨਾਲ ਜਾਣ ਪਹਿਚਾਣ ਕੀਤੀ। ਇਸ ਮੌਕੇ ਕੈਬਨਿਟ ਮੰਤਰੀ ਸੌਂਧ ਸਾਹਿਬ ਨੇ ਜਰਖੜ ਸਟੇਡੀਅਮ ਅਤੇ ਹਾਕੀ ਅਕੈਡਮੀ ਦੇ ਉਪਰਾਲਿਆ ਦੀ ਸ਼ਲਾਘਾ ਕਰਦਿਆਂ ਜਰਖੜ ਟਰੱਸਟ ਨੂੰ 10 ਲੱਖ ਰੁਪਏ ਦੀ ਗ੍ਰਾਂਟ 2 ਪੜਾਵਾਂ ਵਿੱਚ ਦੇਣ ਦਾ ਐਲਾਨ ਕੀਤਾ। ਇਸ ਮੌਕੇ ਸਾਰੇ ਮਹਿਮਾਨਾਂ ਨੇ ਵੱਖ-ਵੱਖ ਸਕੂਲਾਂ ਅਤੇ ਖਿਡਾਰੀਆਂ ਦੇ ਮਾਰਚ ਪਾਸਟ ਤੋਂ ਸਲਾਮੀ ਲਈ ਅਤੇ ਹਲਕਾ ਗਿੱਲ ਦੇ ਵਿਧਾਇਕ ਨੇ ਖੇਡਾਂ ਸ਼ੁਰੂ ਕਰਨ ਦਾ ਐਲਾਨ ਕੀਤਾ। ਇਸ ਮੌਕੇ ਵੱਖ ਵੱਖ ਸਕੂਲਾਂ ਵੱਲੋਂ ਪੇਸ਼ ਕੀਤਾ ਸੱਭਿਆਚਾਰ ਪ੍ਰੋਗਰਾਮ ਵਿਲੱਖਣ ਸੀ ।ਵੱਖ ਵੱਖ ਸਕੂਲਾਂ ਦੇ ਬੱਚਿਆਂ ਨੇ ਪੰਜਾਬੀ ਗੀਤਾਂ ਤੇ ਆਪਣੀ ਕੋਰੀਆਈ ਗਰਾਫੀ ਅਤੇ ਡਰੈਗਨ ਅਕੈਡਮੀ ਲੁਧਿਆਣਾ ਦੇ ਬੱਚਿਆਂ ਨੇ ਆਪਣੀ ਕਲਾਕਾਰੀ ਨਾਲ ਦਰਸ਼ਕਾਂ ਦਾ ਮਨ ਮੋਹਿਆ।ਇਸ ਮੌਕੇ ਜਰਖੜ ਖੇਡਾਂ ਦੇ ਚੈਅਰਮੈਨ ਨਰਿੰਦਰਪਾਲ ਸਿੰਘ ਸਿੱਧੂ,ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ, ਪ੍ਰਧਾਨ ਐਡਵੋਕੇਟ ਹਰਕਮਲ ਸਿੰਘ ਨੇ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ। ਅੱਜ ਹਾਕੀ ਸਬ ਜੂਨੀਅਰ ਵਰਗ ਵਿੱਚ ਜਰਖੜ ਅਕੈਡਮੀ ਨੇ ਕਿਲ੍ਹਾ ਰਾਇਪੁਰ ਨੂੰ 6-1 ਨਾਲ ਚਚਰਾੜੀ ਨੇ ਤੇਹਿੰਗ ਵਿਚਕਾਰ ਮੈਚ 3-3 ਗੋਲਾ ਤੇ ਬਰਾਬਰ, ਰਾਮਪੁਰ ਛੰਨਾ ਨੇ ਸਾਜਲੀ ਨੂੰ 3-1 ਨਾਲ, ਜਗਤਾਰ ਇਲੈਵਨ ਨੇ ਸੰਗਰੂਰ ਨੂੰ 3-2 ਨਾਲ ਹਰਾਇਆ। ਜਦਕਿ ਕੁੜੀਆਂ ਦੇ ਵਰਗ ਵਿੱਚ ਪੀਆਈਐਸ ਬਠਿੰਡਾ ਨੇ ਮੁੰਡੀਆਂ ਕਲਾ ਨੂੰ 3-0 ਨਾਲ, ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਲੁਧਿਆਣਾ ਕੋਚਿੰਗ ਸੈਂਟਰ ਨੂੰ 4-0 ਨਾਲ, ਲਵਲੀ ਯੂਨੀਵਰਸਿਟੀ ਨੇ ਜਰਖੜ ਅਕੈਡਮੀ ਨੂੰ 4-2 ਨਾਲ ਹਰਾ ਕੇ ਅਗਲੇ ਦੌਰ ਵਿੱਚ ਪ੍ਰਵੇਸ਼ ਕੀਤਾ । ਹਾਕੀ ਸੀਨੀਅਰ ਮੁੰਡਿਆਂ ਦੇ ਵਰਗ ਵਿੱਚ ਜਲੰਧਰ ਅਤੇ ਕਿਲਾ ਰਾਏਪੁਰ ਵਿਚਕਾਰ ਮੈਚ 5-5 ਗੋਲਾਂ ਤੇ ਬਰਾਬਰ ਖੇਡਿਆ ਗਿਆ ਜਦ ਕਿ ਲਵਲੀ ਯੂਨੀਵਰਸਿਟੀ ਜਲੰਧਰ ਨੇ ਅਮਰਗੜ੍ਹ ਨੂੰ 3-1 ਨਾਲ ਹਰਾਇਆ।ਫੁੱਟਬਾਲ ਮੁੰਡਿਆਂ ਦੇ ਵਰਗ ਵਿੱਚ ਭੈਣੀ ਅਰੋੜਾ ਨੇ ਆਂਡਲੂ ਨੂੰ 1-0 ਨਾਲ ਤਲਵੰਡੀ ਰਾਏ ਦੇ ਬੂਟਹਾਰੀ ਨੂੰ 3-0, ਭੁੱਟਾ ਨੇ ਐਤੀਆਣਾ ਨੂੰ 3-0, ਗਗੜਾ ਨੇ ਭੋਗੀਵਾਲ ਨੂੰ 3-1, ਗੁਜਰਵਾਲ ਨੇ ਸੀਲੋਂ ਨੂੰ 3-0, ਤੋਂ ਘਵੱਦੀ ਨੇ ਗਿੱਲ ਨੂੰ 2-1 ਨਾਲ ਹਰਾਇਆ। ਕੁੜੀਆਂ ਦੇ ਵਰਗ ਵਿੱਚ ਰੱਸਾਕਸੀ ਦੇ ਵਿੱਚ ਦਸਮੇਸ਼ ਪਬਲਿਕ ਸਕੂਲ ਕੈਡ ਨੇ ਵਰਲਡ ਮਲੇਨੀਅਮ ਰਣਜੀਤ ਐਵੀਨਿਊ ਨੂੰ ਹਰਾਇਆ।ਇਸ ਮੌਕੇ ਡਾਬਰ ਕੰਪਨੀ ਅਤੇ ਕੋਕਾ ਕੋਲਾ ਵੱਲੋਂ ਖਿਡਾਰੀਆਂ ਨੂੰ ਵੱਡੇ ਪੱਧਰ ਤੇ ਰਿਫੈਸਮੈਂਟ ਦਿੱਤੀ ਗਈ।ਖੇਡਾਂ ਦੇ ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ ਨੇ ਦੱਸਿਆ ਕਿ 15 ਫਰਵਰੀ ਨੂੰ ਕਬੱਡੀ ਇੱਕ ਪਿੰਡ ਓਪਨ , ਰੱਸਾਕਸ਼ੀ, ਫੁਟਬਾਲ ਲੜਕੀਆਂ ਅਤੇ ਹਾਕੀ ਲੜਕੇ ਲੜਕੀਆਂ ਦੇ ਫਾਈਨਲ ਮੁਕਾਬਲੇ ਮੁੱਖ ਖਿੱਚ ਦਾ ਕੇਂਦਰ ਹੋਣਗੇ ਅਤੇ ਸਮਾਜ ਸੇਵੀ ਅਤੇ ਖੇਡ ਜਗਤ ਨਾਲ ਜੁੜੀਆਂ 7 ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਹੋਵੇਗਾ ਉੱਥੇ ਨਾਮੀ ਕਲਾਕਾਰਾਂ ਬੀਬਾ ਸਤਵਿੰਦਰ ਬਿੱਟੀ, ਨੀਤੂ ਵਿਰਕ, ਜਸਵੰਤ ਸੰਦੀਲਾ ਅਤੇ ਗਰਜਾਨ ਆਦਿ ਹੋਰ ਆਦਿ ਦਾ ਦਾ ਖੁੱਲਾ ਅਖਾੜਾ ਦਰਸ਼ਕਾਂ ਲਈ ਖਿੱਚ ਦਾ ਕੇਂਦਰ ਹੋਏਗਾ।

# RESIDENTIAL, COMMERCIAL AND SOLAR FARMS

with Singhsloar High performance Bifacial Smart Panels

ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ



ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

ਸਿਰਫ਼ ਇਕ ਕਾਲ - ਵੱਡੀ ਬੱਚਤ

**510-706-1300**

singhsolarusa@gmail.com

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital
DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**


6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਸਿੱਖ ਗੁਰਦੁਆਰਾ ਸਾਹਿਬ ਸੈਨ ਹੋਜ਼ੇ 'ਚ ਭੂੰਗਰੀਆਂ ਦੀਆਂ ਸੰਗਤਾਂ ਅਤੇ ਸਮਰਪਿਤ ਸੇਵਾਦਾਰਾਂ ਵੱਲੋਂ ਨਿਸ਼ਾਨ ਸਾਹਿਬ ਦੀ ਸੇਵਾ ਤਸਵੀਰਾਂ ਦੀ ਜ਼ੁਬਾਨੀ

ਸੈਨ ਹੋਜ਼ੇ
ਸਾਂਝੀ ਸੋਚ ਬਿਊਰੋ

ਸਿੱਖ ਗੁਰਦੁਆਰਾ ਸਾਹਿਬ ਸੈਨ ਹੋਜ਼ੇ 'ਚ ਭੂੰਗਰੀਆਂ ਦੀਆਂ ਸੰਗਤਾਂ ਅਤੇ ਹੋਰ ਸੇਵਾਦਾਰਾਂ ਵੱਲੋਂ ਨਿਸ਼ਾਨ ਸਾਹਿਬ ਦੀ ਸੇਵਾ ਤਨਦੇਹੀ ਨਾਲ ਕੀਤੀ ਗਈ। ਇਸ ਮੌਕੇ ਸਿੱਖ ਸੰਗਤ ਨੇ ਵੀ ਭਾਰੀ ਗਿਣਤੀ 'ਚ ਸ਼ਿਰਕਤ ਕੀਤੀ।ਇਸ ਮੌਕੇ ਜਲੇਬੀਆਂ ਦਾ ਲੰਗਰ ਲਗਾਇਆ ਗਿਆ।
















# ਐਸ.ਐਸ.ਪੀ ਡਾ.ਮਹਿਤਾਬ ਸਿੰਘ ਅਤੇ ਐਸ.ਡੀ.ਐਮ ਅਮਨਪ੍ਰੀਤ ਸਿੰਘ ਨੇ ਕੀਤੀ ਇਨਾਮਾਂ ਦੀ ਵੰਡ

ਮਹਿਤਾ ਚੌਕ
ਬਲਰਾਜ ਸਿੰਘ ਰਾਜਾ

ਇਲਾਕੇ ਦੀ ਮੰਨੀ ਪ੍ਰਮੰਨੀ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਮਹਿਤਾ ਚੌਂਕ ਵਿਖੇ ਅੱਜ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਸਕੂਲ ਦੇ ਇਸ ਰੰਗਾਂ ਰੰਗ ਪ੍ਰੋਗਰਾਮ ਵਿੱਚ ਡਾ. ਮਹਿਤਾਬ ਸਿੰਘ ਆਈ.ਪੀ.ਐਸ, ਐਸ.ਐਸ.ਪੀ ਬਟਾਲਾ ਨੇ ਮੁੱਖ ਮਹਿਮਾਨ ਅਤੇ ਅਮਨਪ੍ਰੀਤ ਸਿੰਘ ਪੀ.ਸੀ.ਐਸ, ਐਸ.ਡੀ.ਐਮ ਬਾਬਾ ਬਕਾਲਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਿਆ। ਵਿਦਿਆਰਥੀਆਂ ਵੱਲੋਂ ਵੈਲਕਮ ਗੀਤ ਗਾ ਕੇ ਆਏ ਹੋਏ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ। ਇਸ ਸਮਾਗਮ ਦਾ ਵਿਸ਼ੇਸ਼ ਥੀਮ 'ਅਰਮਾਨਾ ਭਰੀ ਉਡਾਣ' ਤੇ ਆਧਾਰਿਤ ਸੀ। ਜਿਸ ਵਿੱਚ ਵਿਦਿਆਰਥੀਆਂ ਵੱਲੋਂ ਆਪਣੇ ਅਰਮਾਨਾਂ ਨੂੰ ਪੂਰਾ ਕਰਨ ਤੇ ਵੱਖ-ਵੱਖ ਆਈਟਮਾਂ ਪੇਸ਼ ਕੀਤੀਆਂ ਗਈਆਂ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਪੰਜਾਬੀ ਲੋਕ ਨਾਚ ਲੁਡੀ, ਗਿੱਧਾ ਅਤੇ ਭੰਗੜਾ ਆਦਿ ਰਾਹੀਂ ਆਏ ਹੋਏ ਦਰਸ਼ਕਾਂ ਦਾ ਮਨੋਰੰਜਨ ਕੀਤਾ ਗਿਆ। ਵਿਦਿਆਰਥੀਆਂ ਅਤੇ ਮਾਪਿਆਂ ਦੇ ਚਿਹਰੇ ਉੱਪਰ ਖੁਸ਼ੀ ਦੇਖੀ ਗਈ ਅਧਿਆਪਕਾਂ ਦੀ ਹੌਸਲਾ ਅਫਜਾਈ ਸਦਕਾ ਬੱਚਿਆਂ ਨੇ ਆਪਣੀਆਂ ਆਈਟਮਾਂ ਨੂੰ ਸਟੇਜ ਤੇ ਬਾਖੂਬੀ ਨਿਭਾਇਆ। ਐਸਐਸਪੀ ਡਾ. ਮਹਿਤਾਬ ਸਿੰਘ ਵੱਲੋ ਬੱਚਿਆਂ ਦੁਆਰਾ ਪ੍ਰਦਰਸ਼ਿਤ ਕੀਤੇ ਗਏ ਪ੍ਰੋਗਰਾਮ ਦੀ ਭਰਪੂਰ ਸ਼ਲਾਘਾ ਕੀਤੀ ਗਈ । ਇਸ ਤੋਂ ਇਲਾਵਾ ਉਹਨਾਂ ਨੇ ਆਪਣੀ ਸੰਬੋਧਨ ਵਿੱਚ ਕਿਹਾ ਕਿ ਇਹ ਸਮਾਗਮ ਇੱਕ ਦਿਨ ਦਾ ਨਹੀਂ ਸਗੋਂ ,ਹਰ ਇੱਕ ਵਿਦਿਆਰਥੀ ਦੇ ਸਾਰੇ ਸਾਲ ਦੀ ਮਿਹਨਤ ਹੈ । ਇਸ ਤੋਂ ਇਲਾਵਾ ਉਹਨਾਂ ਨੇ ਕਿਹਾ ਬੱਚਿਆਂ ਨੂੰ ਕਿਹਾ ਕਿ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਵਾਸਤੇ ਵੱਡਾ ਸੋਚੋ ਤੇ ਸਾਕਾਰਾਤਮਕ ਸੋਚ ਰੱਖੋ। ਇਸ ਮੌਕੇ ਉਹਨਾਂ ਵੱਲੋਂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਉਹਨਾਂ ਦੀ ਹੌਸਲਾ ਵੀ ਅਫਜਾਈ ਕੀਤੀ ਗਈ। ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਅਤੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ।ਸੰਸਥਾ ਵਿੱਚ ਪਹੁੰਚੇ ਵਿਸ਼ੇਸ਼ ਮਹਿਮਾਨ ਅਮਨਪ੍ਰੀਤ ਸਿੰਘ ਐਸ਼.ਡੀ.ਐਮ ਬਾਬਾ ਬਕਾਲਾ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਅਧਿਆਪਕਾਂ ਦਾ ਆਦਰ ਸਤਿਕਾਰ ਕਰਨ ਅਤੇ ਆਪਣੇ ਮਾਪਿਆਂ ਦੀ ਹਰ ਗੱਲ ਮੰਨਣ ਲਈ ਪ੍ਰੇਰਿਆ। ਸੰਸਥਾ ਦੇ ਮੈਨੇਜ਼ਰ ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮਾਪਿਆਂ ਨੂੰ 'ਜੀ ਆਇਆਂ'ਆਖਿਆ ਅਤੇ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਬੁੱਟਰ (ਮੈਂਬਰ ਚੀਫ ਖਾਲਸਾ ਦੀਵਾਨ), ਪ੍ਰਿੰ: ਕੁਲਬੀਰ ਸਿੰਘ ਮਾਨ, ਐਡੀਸ਼ਨਲ ਐਸਐਚਓ ਮਹਿਤਾ ਪਰਮਜੀਤ ਸਿੰਘ ਬਾਜਵਾ ,ਪ੍ਰਿੰ: ਜਤਿੰਦਰ ਸ਼ਰਮਾ, ਪ੍ਰਿੰ: ਗੁਰਦੀਪ ਸਿੰਘ ਜਲਾਲ ਉਸਮਾਂ, ਕੈਪਟਨ ਜੋਗਿੰਦਰ ਸਿੰਘ, ਪ੍ਰਿੰ ਗੁਰਬੀਰ ਕੌਰ, ਮੈਡਮ ਹਰਪ੍ਰੀਤ ਕੌਰ, ਲਕਸ਼ਮਣ ਸਿੰਘ ਰਾਵਤ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।





Space available for Ad
Contact # +1 (209) 303-1260





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE IMMIGRATION

*Where Hope Meets*

IMMIGRATION OPPORTUNITIES

USA SERVICES :

- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

INDIAN SERVICES :

- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ

WE HAVE THE CHEAPEST FARES TO INDIA

# LEGEND TRAVEL



JATINDER SINGH

arc accredited agency

CST # 207524-40

Special Fares To India From West-coast (us) On Air India Direct Flights




LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US

(510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

# ਤ੍ਰੈਭਾਸ਼ੀ ਸ਼ਾਇਰ: ਅੰਮ੍ਰਿਤਪਾਲ ਸਿੰਘ ਸ਼ੈਦਾ

1957 ਵਿੱਚ ਪਟਿਆਲੇ ਵਿੱਚ ਜਨਮਿਆ ਅੰਮ੍ਰਿਤਪਾਲ ਸਿੰਘ ਸ਼ੈਦਾ ਪੰਜਾਬੀ, ਹਿੰਦੀ ਤੇ ਉਰਦੂ ਦਾ ਜਾਣਿਆ-ਪਛਾਣਿਆ ਸ਼ਾਇਰ ਹੈ। ਸਕੂਲ-ਕਾਲਜ ਦੀ ਪੜ੍ਹਾਈ ਦੌਰਾਨ ਹੀ ਉਹਦੀ ਕਾਵਿਕ ਤੇ ਸਾਹਿਤਕ ਪ੍ਰਤਿਭਾ ਉਜਾਗਰ ਹੋਣ ਲੱਗ ਪਈ ਸੀ।

ਆਪਣੇ ਵਾਲਿਦ ਜਨਾਬ ਗੁਰਬਖ਼ਸ਼ ਸਿੰਘ ਸ਼ੈਦਾ ਦੀ ਸਾਹਿਤਕ ਸਰਪ੍ਰਸਤੀ ਅਤੇ ਕਿਰਪਾਲ ਸਿੰਘ ਬੇਦਾਰ, ਮੇਲਾ ਰਾਮ ਵਫ਼ਾ, ਬਲਵੰਤ ਸਿੰਘ ਗਜਰਾਜ, ਜਸਵੰਤ ਸਿੰਘ ਵੰਤਾ, ਹਜ਼ੂਰਾ ਸਿੰਘ ਮੌਜੀ, ਮਹਿਤਾਬ ਸਿੰਘ ਪ੍ਰਦੇਸੀ ਜਿਹੇ ਅਦਬੋ-ਆਦਾਬ ਵਾਲੇ ਅਦੀਬਾਂ ਦੀ ਸੰਗਤ ਵਿੱਚ ਰਹਿ ਕੇ ਅੰਮ੍ਰਿਤਪਾਲ ਸਿੰਘ ਸ਼ੈਦਾ 1987 ਤੋਂ ਨਿਰੰਤਰ ਪਟਿਆਲੇ ਤੋਂ ਬਿਨਾਂ ਮਲੇਰਕੋਟਲਾ, ਰੋਪੜ, ਰਾਜਪੁਰਾ, ਪਿੰਜੌਰ,ਚੰਡੀਗੜ੍ਹ, ਲੁਧਿਆਣਾ, ਨਾਭਾ ਸਮੇਤ ਦਿੱਲੀ, ਨਾਰਨੌਲ, ਹੈਦਰਾਬਾਦ, ਮੇਰਠ, ਅੰਬਾਲਾ ਆਦਿ ਵੱਡੇ ਸ਼ਹਿਰਾਂ ਵਿੱਚ ਹੋਏ ਰਾਸ਼ਟਰੀ ਤੇ ਅੰਤਰਰਾਸ਼ਟਰੀ ਮੁਸ਼ਾਇਰਿਆਂ ਵਿੱਚ ਆਪਣੀ ਸ਼ਾਇਰੀ ਦਾ ਲੋਹਾ ਮਨਵਾ ਚੁੱਕਾ ਹੈ, ਜਿੱਥੇ ਵੀਹ-ਵੀਹ ਹਜ਼ਾਰ ਦੇ ਸਰੋਤਿਆਂ ਦੀ ਭਰਪੂਰ ਹਾਜ਼ਰੀ ਸੀ।

ਅਜਿਹੇ ਸਮੇਂ ਉਹਨੂੰ ਜਨਾਬ ਕੈਫ਼ੀ ਆਜ਼ਮੀ, ਮਖ਼ਮੂਰ ਸੱਈਦੀ, ਕੰਵਰ ਮਹਿੰਦਰ ਸਿੰਘ ਬੇਦੀ, ਖ਼ੁਮਾਰ ਬਾਰਾਬੰਕੀ, ਸਾਹਿਰ ਹੋਸ਼ਿਆਰਪੁਰੀ, ਨਿਦਾ ਫ਼ਾਜ਼ਲੀ, ਬਸ਼ੀਰ ਬਦਰ, ਆਜ਼ਾਦ ਗੁਲਾਟੀ, ਡਾ. ਨਰੇਸ਼, ਰਾਹਤ ਇੰਦੌਰੀ, ਵਸੀਮ ਬਰੇਲਵੀ, ਨਵਾਜ਼ ਦੇਵਬੰਦੀ, ਮੰਜ਼ਰ ਭੋਪਾਲੀ ਜਿਹੇ ਮੁਕਾਮੀ ਸ਼ਾਇਰਾਂ ਦੀ ਸੁਹਬਤ ਨਸੀਬ ਹੋਣੀ ਕਿਸੇ ਆਸ਼ੀਰਵਾਦ ਤੋਂ ਘੱਟ ਨਹੀਂ ਹੈ।

ਬਹੁਤ ਸਾਰੇ ਮਾਣ-ਸਨਮਾਨਾਂ ਨਾਲ ਅਲੰਕ੍ਰਿਤ ਇਸ ਸ਼ਾਇਰ ਨੇ 'ਫ਼ਸਲ ਧੁੱਪਾਂ ਦੀ' (2019), 'ਟੂਣੇਹਾਰੀ ਰੁੱਤ ਦਾ ਜਾਦੂ' (2022), 'ਲਹੂ ਕੇ ਗੁਲਾਬ' (2024), 'ਲਹੂ-ਲੁਹਾਣ' (2025) ਨਾਂ ਵਾਲੀਆਂ ਮੌਲਿਕ ਗ਼ਜ਼ਲਾਂਜਲੀ ਪੁਸਤਕਾਂ ਸਮੇਤ ਸੰਪਾਦਨ (ਗਰਮ ਹਵਾਵਾਂ,1985; ਸਿੱਖ ਕੌਣ ਹਨ,1985; ਜੁਗਨੂੰ ਅਤੀਤ ਦੇ, 2006; ਤਿਣਕਾ-ਤਿਣਕਾ, 2015; ਸਾਂਝ ਅਮੁੱਲੀ ਬੋਲੀ ਦੀ, 2021; ਸੱਥ ਜੁਗਨੂੰਆਂ ਦੀ, 2021), ਅਨੁਵਾਦ (ਸਵੈਜੀਵਨੀ-ਬੈਂਜਾਮਿਨ ਫ਼੍ਰੈਂਕਲਿਨ, ਵਿਸ਼ਵ ਪ੍ਰਸਿੱਧ ਦਸ ਇਕਾਂਗੀ) ਅਤੇ ਲਿਪੀਅਾਂਤਰ (ਤਰਾਸ਼ੇ ਪੱਥਰ, 2018; ਉਰਦੂ ਬੋਲਣ ਵਾਲ਼ੀਏ ਕੁੜੀਏ, 2023; ਮੀਲ ਪੱਥਰ ਜ਼ਿੰਦਗੀ ਦੇ, 2024; ਸਰਹੱਦੋਂ ਪਾਰ, 2024) ਵਿੱਚ ਵੀ ਜ਼ਿਕਰਯੋਗ ਕਾਰਜ ਕੀਤਾ ਹੈ। ਪੁਖ਼ਤਗੀ, ਸਾਫ਼ਗੋਈ ਤੇ ਮਾਰਮਿਕਤਾ ਉਹਦੀਆਂ ਗ਼ਜ਼ਲਾਂ ਦੀ ਚੂਲ਼ ਹਨ। ਸ਼ਾਬਦਿਕ-ਕਲਾਤਮਕਤਾ, ਸਾਰਥਕ ਬਿੰਬਾਂ ਤੇ ਸੂਖ਼ਮ ਅਹਿਸਾਸਾਂ ਨਾਲ ਲਬਰੇਜ਼ ਮਾਨਵਵਾਦੀ, ਲੋਕ-ਹਿਤੈਸ਼ੀ ਤੇ ਕਲਿਆਣਕਾਰੀ ਭਾਵਬੋਧ ਦੇ ਰੰਗ ਵਾਲੀਆਂ ਸ਼ੈਦਾ ਦੀਆਂ ਕੁਝ ਗ਼ਜ਼ਲਾਂ ਏਥੇ ਪੇਸ਼ ਹਨ :

ਕਿੰਝ ਦੀ ਸਾਨੂੰ ਹਯਾਤੀ, ਸੋਚੋ, ਬੇਢੰਗੀ ਮਿਲੀ
ਖ਼ੁਦਕੁਸ਼ੀ ਦੀ ਖੁੱਲ੍ਹ ਸੀ, ਪਰ ਜੀਣ ਦੀ ਤੰਗੀ ਮਿਲੀ।
ਵਕਤ ਨੇ ਹੀ ਘੁੱਟ ਲਈ ਸੀ ਉਸ ਦੀ ਸੰਘੀ, ਇਸ ਲਈ
ਆਧੁਨਿਕ ਸਾਜ਼ਾਂ 'ਚ ਬੇਬਸ ਬੈਠੀ ਸਾਰੰਗੀ ਮਿਲੀ।
ਢੂੰਡਦਾ ਸੀ ਸਦੀਆਂ ਸਦੀਆਂ ਤੋਂ ਮੈਂ ਜੋ ਇਨਸਾਨੀਅਤ
ਜੰਡ ਦੇ ਟਾਹਣੇ 'ਤੇ ਉਸਦੀ ਲੋਥ ਅੱਜ ਟੰਗੀ ਮਿਲੀ।
ਕੌਰਵਾਂ ਦੇ ਹੱਥ ਆਇਐ ਜਦ ਤੋਂ ਫ਼ੈਸ਼ਨ ਦਾ ਚਿਰਾਗ਼
ਖ਼ੁਦ ਹੀ ਫ਼ੈਸ਼ਨ-ਪ੍ਰੇਡ ਵਿੱਚ ਹਰ ਦ੍ਰੋਪਦੀ ਨੰਗੀ ਮਿਲੀ।
ਸੋਚ ਦੇ ਸਾਗਰ 'ਚ ਡੂੰਘੇ ਤੋਂ ਵੀ ਡੂੰਘਾ ਉਤਰਿਆ
ਜਦ ਉਡਾਣਾਂ ਦੀ ਜਾਂ ਸ਼ਬਦਾਂ ਦੀ ਕਦੇ ਤੰਗੀ ਮਿਲੀ।
ਦਿਲ ਨੇ ਮੰਨਿਆ ਹੀ ਨਹੀਂ ਅਪਣੇ ਪਰਾਏ ਦਾ ਨਿਖੇੜ
ਜਦ ਮਨੁੱਖਤਾ ਇੱਕੋ ਰੱਬ ਦੇ ਰੰਗ ਵਿੱਚ ਰੰਗੀ ਮਿਲੀ।
ਹੋਇਐ ਅਕਸਰ ਹੀ ਮੁਕੱਦਰ ਸਾਥੋਂ ਏਦਾਂ ਮਿਹਰਬਾਨ
ਬਿਜਲੀਆਂ 'ਸ਼ੈਦਾ' ਨੂੰ, ਉਸਨੂੰ ਪੀਂਘ ਸਤਰੰਗੀ ਮਿਲੀ।


ਪੈਰ ਭਲਾਂ ਧਰੀਏ ਤਾਂ ਕਿੱਥੇ, ਸਾਰੀ ਧਰਤੀ ਲਹੂ-ਲੁਹਾਣ
ਮਨ ਚੰਦਰਾ ਕਿੱਥੇ ਜਾ ਵੱਸੇ, ਸਾਰੀ ਧਰਤੀ ਲਹੂ-ਲੁਹਾਣ।
ਸਿਰ ਮਾਸੂਮਾਂ ਦੇ ਟੰਗੇ ਨੇ, ਸਭ ਨੇ ਅਪਣੇ ਨੇਜ਼ੇ 'ਤੇ
ਰਾਖਸ਼ ਫਿਰਦੇ ਭੱਜੇ ਨੱਸੇ, ਸਾਰੀ ਧਰਤੀ ਲਹੂ-ਲੁਹਾਣ।
ਸ਼ੂਕ ਰਿਹਾ ਕਾਲ਼ਾ ਸਾਗਰ ਵੀ, ਹੁੰਦਾ ਜਾਂਦੈ ਗੂੜ੍ਹਾ ਲਾਲ
ਛੱਡ ਨਾਵਾਂ ਨੂੰ ਨਾਵਿਕ ਭੱਜੇ, ਸਾਰੀ ਧਰਤੀ ਲਹੂ-ਲੁਹਾਣ।
ਦਾਸਾਂ ਵਾਂਗੂੰ ਬੰਦੇ ਵਿਕਦੇ, ਨਾਰੀ ਵਿਕਦੀ ਬੋਲੀ 'ਤੇ
ਕੁਦਰਤ ਵੀ ਇੱਜ਼ਤ ਨਾ ਕੱਜੇ, ਸਾਰੀ ਧਰਤੀ ਲਹੂ-ਲੁਹਾਣ।
ਜਾਣੇ-ਬੁੱਝੇ ਸਾਰੇ ਰਸਤੇ, ਗਰਦ-ਗ਼ੁੱਬਾਰਾਂ ਵਿੱਚ ਡੁੱਬੇ
ਅਕਲਾਂ ਵਾਲੇ ਹੋਏ ਝੱਲੇ, ਸਾਰੀ ਧਰਤੀ ਲਹੂ-ਲੁਹਾਣ।
ਮਿੱਟੀ, ਪਾਣੀ, ਹਵਾ ਦੇ ਕਾਤਿਲ ਬੇਡਰ ਹੋ ਕੇ ਘੁੰਮਦੇ ਨੇ
ਪਲ-ਛਿਣ ਰੋਵੇ ਪਲ-ਛਿਣ ਪਿੱਟੇ, ਸਾਰੀ ਧਰਤੀ ਲਹੂ-ਲੁਹਾਣ।
ਧਰਤੀ ਉੱਤੇ ਆਏ 'ਸ਼ੈਦਾ', ਮੌਤ ਦੇ ਕੈਸੇ ਸੌਦਾਗਰ
ਸ਼ਕਲੋਂ ਸੁਹਣੇ, ਅਕਲੋਂ ਅੰਨ੍ਹੇ, ਸਾਰੀ ਧਰਤੀ ਲਹੂ-ਲੁਹਾਣ।

ਇਹ ਸਥਾਨ ਕੈਸਾ ਸਥਾਨ ਹੈ।
ਨਾ ਹੀ ਘਰ ਤੇ ਨਾ ਹੀ ਮਕਾਨ ਹੈ।
ਜਿੱਥੇ ਵਣਜ ਹੁੰਦੈ ਜ਼ਮੀਰਾਂ ਦਾ
ਇਦ੍ਹੀ ਮੰਡੀ ਸਾਰਾ ਜਹਾਨ ਹੈ।
ਮੈਂ ਨਿਹੱਥਾ, ਫਿਰ ਵੀ ਹਾਂ ਜੰਗਜੂ
ਕਿ ਮੈਂ ਰੱਖੀ ਹੱਥਾਂ ਤੇ ਜਾਨ ਹੈ।
ਨ ਸ਼ਹਿਦ ਜਿਹੀ ਨ ਹੀ ਵਿਸ਼ ਜਿਹੀ
ਉਹ ਜ਼ੁਬਾਨ ਵੀ ਕੀ ਜ਼ੁਬਾਨ ਹੈ।
ਜਿੱਥੇ ਫ਼ਿਕਰੋ-ਫ਼ਨ ਦੇ ਨੇ ਦਿੱਸਹੱਦੇ
ਮਿਰੀ ਉਸ ਦਿਸ਼ਾ ਦੀ ਉਡਾਨ ਹੈ।
ਜਿੱਥੇ ਨਫ਼ਰਤਾਂ ਦੀਆਂ ਖੇਤੀਆਂ
ਉਹ ਮਹਾਨ ਹਿੰਦੁਸਤਾਨ ਹੈ।
ਮੇਰਾ ਸਿਰ ਹੈ ਚਰਨਾਂ ਤੇ ਸ਼ਬਦ ਦੇ
'ਸ਼ੈਦਾ' ਅੰਬਰਾਂ ਤੇ ਧਿਆਨ ਹੈ।

ਪਿਆਸ ਦਾ ਲੰਮਾ ਖ਼੍ਵਾਬ, ਹੇ ਰੱਬਾ!
ਕਹਿਣ ਨੂੰ ਪੰਜ-ਆਬ, ਹੇ ਰੱਬਾ!
ਹੈ ਫਟੀ ਝੋਲ਼ੀ, ਕਾਸਾ ਟੁੱਟਾ ਹੈ
ਪੀੜਾਂ ਹਨ ਬੇਹਿਸਾਬ, ਹੇ ਰੱਬਾ!
ਢੀਠਤਾਈ ਹਨੇਰੇ ਦੀ, ਤੌਬਾ
ਕੀ ਕਰੇ ਆਫ਼ਤਾਬ, ਹੇ ਰੱਬਾ!
ਹੋ ਗਿਆ ਕਿਰਚੀਂ-ਕਿਰਚੀਂ ਆਈਨਾ
ਪੱਥਰਾਂ ਦਾ ਜਵਾਬ, ਹੇ ਰੱਬਾ!
ਪੜ੍ਹਣੀ ਔਖੀ, ਸਮਝਣੀ ਵੀ ਔਖੀ
ਜ਼ਿੰਦਗੀ ਦੀ ਕਿਤਾਬ, ਹੇ ਰੱਬਾ!
ਕਦ ਇਹ ਉਤਰੇਗੀ, ਹੋਣਗੇ ਦਰਸ਼ਨ
ਤੇਰੇ ਮੁੱਖ ਤੇ ਨਿਕ਼ਾਬ, ਹੇ ਰੱਬਾ!
ਟਾਹਣੀ ਕੰਡਿਆਲ਼ੀ ਉੱਤੇ ਹੀ 'ਸ਼ੈਦਾ'
ਮਹਿਕਦਾ ਹੈ ਗੁਲਾਬ, ਹੇ ਰੱਬਾ!



ਪ੍ਰੋ.ਨਵ ਸੰਗੀਤ ਸਿੰਘ
ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,
ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ
94176-92015.







Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ।
Sonu (209) 595-8596 Goutam (209) 494-9404
430 W Grant Line Rd Tracy, CA 95376

GHUMAN
LAW GROUP INC.

# Ghuman Law Group

## ਤੁਹਾਡੇ ਲਈ ਲੈ ਕੇ ਆਏ ਨੇ
## AMERICA ਵਿੱਚ
## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**
**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ


**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307


Pal Films Production
RED PRO 5.0
RED
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਇੱਕ ਡਾਕਟਰ ਦੀ ਜ਼ਿੰਦਗੀ



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

ਇੱਕ ਡਾਕਟਰ ਦੇ ਜੀਵਨ ਨੂੰ ਅਕਸਰ ਰੋਮਾਂਟਿਕ ਲੈਂਸ ਰਾਹੀਂ ਦੇਖਿਆ ਜਾਂਦਾ ਹੈ ਚਿੱਟੇ ਕੋਟ, ਸਟੈਥੋਸਕੋਪ, ਅਤੇ ਜਾਨਾਂ ਬਚਾਉਣ ਦਾ ਉੱਤਮ ਮਿਸ਼ਨ। ਹਾਲਾਂਕਿ, ਇਸ ਤਸਵੀਰ ਦੇ ਪਿੱਛੇ ਇੱਕ ਮੰਗ ਕਰਨ ਵਾਲਾ ਸਫ਼ਰ ਹੈ ਜੋ ਅਨੁਸ਼ਾਸਨ, ਕੁਰਬਾਨੀ, ਹਮਦਰਦੀ ਅਤੇ ਮਨੁੱਖਤਾ ਪ੍ਰਤੀ ਜ਼ਿੰਮੇਵਾਰੀ ਦੀ ਅਟੱਲ ਭਾਵਨਾ ਦੁਆਰਾ ਆਕਾਰ ਦਿੱਤਾ ਗਿਆ ਹੈ।

### ਇੱਕ ਯਾਤਰਾ ਜੋ ਜਲਦੀ ਸ਼ੁਰੂ ਹੁੰਦੀ ਹੈ

ਡਾਕਟਰ ਦੀ ਸਿਰਜਣਾ ਪਹਿਲੇ ਮਰੀਜ਼ ਦੇ ਆਉਣ ਤੋਂ ਬਹੁਤ ਪਹਿਲਾਂ ਸ਼ੁਰੂ ਹੋ ਜਾਂਦੀ ਹੈ। ਸਾਲਾਂ ਦੀ ਤੀਬਰ ਪੜ੍ਹਾਈ, ਨੀਂਦ ਨਾ ਆਉਣ ਵਾਲੀਆਂ ਰਾਤਾਂ, ਪ੍ਰਤੀਯੋਗੀ ਪ੍ਰੀਖਿਆਵਾਂ, ਅਤੇ ਨਿਰੰਤਰ ਮੁਲਾਂਕਣ ਸਿਰਫ਼ ਬੁੱਧੀ ਹੀ ਨਹੀਂ ਸਗੋਂ ਸਹਿਣਸ਼ੀਲਤਾ ਦਾ ਵੀ ਪਰਖ ਕਰਦੇ ਹਨ। ਡਾਕਟਰੀ ਸਿੱਖਿਆ ਲਈ ਧੀਰਜ ਅਤੇ ਨਿਮਰਤਾ ਦੀ ਲੋੜ ਹੁੰਦੀ ਹੈ; ਗਿਆਨ ਤੇਜ਼ੀ ਨਾਲ ਵਿਕਸਤ ਹੁੰਦਾ ਹੈ, ਅਤੇ ਇੱਕ ਡਾਕਟਰ ਨੂੰ ਜੀਵਨ ਭਰ ਦਾ ਵਿਦਿਆਰਥੀ ਹੋਣਾ ਚਾਹੀਦਾ ਹੈ। ਰਸਮੀ ਸਿਖਲਾਈ ਤੋਂ ਬਾਅਦ ਵੀ, ਸਿੱਖਣਾ ਕਦੇ ਵੀ ਸੱਚਮੁੱਚ ਖਤਮ ਨਹੀਂ ਹੁੰਦਾ।

### ਲੰਬੇ ਘੰਟੇ, ਭਾਰੀ ਜ਼ਿੰਮੇਵਾਰੀਆਂ

ਡਾਕਟਰ ਦਾ ਦਿਨ ਬਹੁਤ ਘੱਟ ਹੀ ਘੜੀ ਦੇ ਅਨੁਸਾਰ ਹੁੰਦਾ ਹੈ। ਐਮਰਜੈਂਸੀ ਦਫ਼ਤਰ ਦੇ ਸਮੇਂ ਦੀ ਉਡੀਕ ਨਹੀਂ ਕਰਦੀ, ਅਤੇ ਬਿਮਾਰੀ ਕਿਸੇ ਵੀ ਛੁੱਟੀ ਦਾ ਸਤਿਕਾਰ ਨਹੀਂ ਕਰਦੀ। ਬਹੁਤ ਸਾਰੇ ਡਾਕਟਰ ਲੰਬੀਆਂ ਸ਼ਿਫਟਾਂ, ਰਾਤ ਦੀਆਂ ਡਿਊਟੀਆਂ ਅਤੇ ਕਾਲ 'ਤੇ ਕੰਮ ਕਰਦੇ ਹਨ ਜੋ ਸਰੀਰਕ ਅਤੇ ਮਾਨਸਿਕ ਸੀਮਾਵਾਂ ਨੂੰ ਵਧਾਉਂਦੇ ਹਨ। ਹਰੇਕ ਫੈਸਲਾ ਡੂੰਘੇ ਨਤੀਜੇ ਲੈ ਸਕਦਾ ਹੈ, ਜੋ ਅਕਸਰ ਦਬਾਅ ਹੇਠ ਅਤੇ ਅਧੂਰੀ ਜਾਣਕਾਰੀ ਦੇ ਨਾਲ ਲਿਆ ਜਾਂਦਾ ਹੈ। ਸਭ ਤੋਂ ਵਧੀਆ ਸੰਭਵ ਕਰਦੇ ਹੋਏ ਕੋਈ ਨੁਕਸਾਨ ਨਾ ਕਰਨ ਦੀ ਜ਼ਿੰਮੇਵਾਰੀ ਦਾ ਭਾਰ ਹਰ ਕਲੀਨਿਕਲ ਫੈਸਲੇ 'ਤੇ ਬਹੁਤ ਜ਼ਿਆਦਾ ਨਿਰਭਰ ਕਰਦਾ ਹੈ।

### ਮਨੁੱਖੀ ਸਬੰਧ

ਵਿਗਿਆਨ ਅਤੇ ਹੁਨਰ ਤੋਂ ਪਰੇ ਡਾਕਟਰੀ ਅਭਿਆਸ ਦਾ ਦਿਲ ਹੈ: ਮਨੁੱਖੀ ਸਬੰਧ। ਡਾਕਟਰ ਜਨਮ, ਰਿਕਵਰੀ, ਦੁੱਖ ਅਤੇ ਮੌਤ ਦੇ ਪੂਰੇ ਸਪੈਕਟ੍ਰਮ ਨੂੰ ਦੇਖਦੇ ਹਨ। ਉਹ ਡਰ ਸੁਣਦੇ ਹਨ, ਉਮੀਦ ਸਾਂਝੀ ਕਰਦੇ ਹਨ, ਅਤੇ ਕਈ ਵਾਰ ਦਿਲ ਤੋੜਨ ਵਾਲੀਆਂ ਖ਼ਬਰਾਂ ਦਿੰਦੇ ਹਨ। ਹਮਦਰਦੀ ਮੁਹਾਰਤ ਜਿੰਨੀ ਹੀ ਜ਼ਰੂਰੀ ਹੋ ਜਾਂਦੀ ਹੈ। ਇੱਕ ਭਰੋਸਾ ਦੇਣ ਵਾਲਾ ਸ਼ਬਦ ਜਾਂ ਇੱਕ ਕੋਮਲ ਛੂਹਣ ਨਾਲ ਇਲਾਜ ਹੋ ਸਕਦਾ ਹੈ ਜਿਸ ਤਰ੍ਹਾਂ ਦਵਾਈਆਂ ਨਹੀਂ ਕਰ ਸਕਦੀਆਂ।

### ਕੁਰਬਾਨੀਆਂ ਅਤੇ ਚੁਣੌਤੀਆਂ

ਇਸ ਪੇਸ਼ੇ ਲਈ ਨਿੱਜੀ ਕੁਰਬਾਨੀਆਂ ਦੀ ਲੋੜ ਹੁੰਦੀ ਹੈ। ਪਰਿਵਾਰ ਨਾਲ ਸਮਾਂ ਬਿਤਾਉਣਾ, ਸਮਾਜਿਕ ਜੀਵਨ ਅਤੇ ਨਿੱਜੀ ਆਰਾਮ ਅਕਸਰ ਸਮਝੌਤਾ ਕੀਤਾ ਜਾਂਦਾ ਹੈ। ਭਾਵਨਾਤਮਕ ਬਰਨਆਉਟ, ਤਣਾਅ ਅਤੇ ਨੈਤਿਕ ਦੁਬਿਧਾਵਾਂ ਅਸਲ ਚੁਣੌਤੀਆਂ ਹਨ। ਡਾਕਟਰਾਂ ਨੂੰ ਹਿੰਸਾ, ਅਵਿਸ਼ਵਾਸੀ ਉਮੀਦਾਂ ਅਤੇ ਪ੍ਰਣਾਲੀਗਤ ਦਬਾਅ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਫਿਰ ਵੀ ਉਨ੍ਹਾਂ ਤੋਂ ਸ਼ਾਂਤ, ਹਮਦਰਦ ਅਤੇ ਸੰਜਮ ਰੱਖਣ ਦੀ ਉਮੀਦ ਕੀਤੀ ਜਾਂਦੀ ਹੈ।

### ਮਾਪ ਤੋਂ ਪਰੇ ਇਨਾਮ

ਮੁਸ਼ਕਲਾਂ ਦੇ ਬਾਵਜੂਦ, ਇਨਾਮ ਬਹੁਤ ਜ਼ਿਆਦਾ ਹਨ। ਇੱਕ ਠੀਕ ਹੋ ਰਹੇ ਮਰੀਜ਼ ਦੀ ਮੁਸਕਰਾਹਟ, ਪਰਿਵਾਰ ਦਾ ਸ਼ੁਕਰਗੁਜ਼ਾਰ, ਜਾਂ ਇਹ ਗਿਆਨ ਕਿ ਕਿਸੇ ਦੇ ਹੁਨਰ ਨੇ ਫ਼ਰਕ ਪਾਇਆ ਹੈ, ਬਹੁਤ ਹੀ ਸੰਤੁਸ਼ਟੀਜਨਕ ਹੋ ਸਕਦਾ ਹੈ। ਬਹੁਤ ਸਾਰੇ ਡਾਕਟਰਾਂ ਲਈ, ਮਨੁੱਖਤਾ ਦੀ ਸੇਵਾ ਕਰਨ ਨਾਲ ਇੱਕ ਉਦੇਸ਼ ਦੀ ਭਾਵਨਾ ਮਿਲਦੀ ਹੈ ਜੋ ਥਕਾਵਟ ਅਤੇ ਨਿਰਾਸ਼ਾ ਤੋਂ ਵੱਧ ਹੁੰਦੀ ਹੈ।

### ਇੱਕ ਪੇਸ਼ੇ ਤੋਂ ਵੱਧ

ਅੰਤ ਵਿੱਚ, ਡਾਕਟਰ ਹੋਣਾ ਇੱਕ ਕਰੀਅਰ ਤੋਂ ਵੱਧ ਹੈ ਇਹ ਇੱਕ ਸੱਦਾ ਹੈ। ਇਸ ਲਈ ਇਮਾਨਦਾਰੀ, ਲਚਕੀਲਾਪਣ ਅਤੇ ਮਰੀਜ਼ਾਂ ਨੂੰ ਪਹਿਲ ਦੇਣ ਦੀ ਵਚਨਬੱਧਤਾ ਦੀ ਲੋੜ ਹੁੰਦੀ ਹੈ। ਤੇਜ਼ੀ ਨਾਲ ਬਦਲਦੀ ਦੁਨੀਆਂ ਵਿੱਚ, ਡਾਕਟਰ ਵਿਸ਼ਵਾਸ ਅਤੇ ਉਮੀਦ ਦਾ ਪ੍ਰਤੀਕ ਬਣਿਆ ਹੋਇਆ ਹੈ, ਵਿਗਿਆਨ ਅਤੇ ਹਮਦਰਦੀ ਦੇ ਚੌਰਾਹੇ 'ਤੇ ਖੜ੍ਹਾ ਹੈ।

ਇੱਕ ਡਾਕਟਰ ਦੀ ਜ਼ਿੰਦਗੀ ਆਸਾਨ ਨਹੀਂ ਹੁੰਦੀ, ਪਰ ਇਹ ਅਰਥਪੂਰਨ ਹੁੰਦੀ ਹੈ। ਇਹ ਇੱਕ ਅਜਿਹੀ ਜ਼ਿੰਦਗੀ ਹੈ ਜੋ ਸਿਰਫ਼ ਸਰੀਰਾਂ ਨੂੰ ਹੀ ਨਹੀਂ, ਸਗੋਂ ਅਕਸਰ ਮਨਾਂ ਅਤੇ ਆਤਮਾਵਾਂ ਨੂੰ ਵੀ ਠੀਕ ਕਰਨ ਲਈ ਸਮਰਪਿਤ ਹੈ। ਰੋਜ਼ਾਨਾ ਪੀਸਣ ਦਾ ਦੋਹਰਾ ਸੁਭਾਅ ਇੱਕ ਡਾਕਟਰ ਦਾ ਦਿਨ ਬਹੁਤ ਘੱਟ ਹੀ 9 ਤੋਂ 5 ਤੱਕ ਦੇ ਮਿਆਰੀ ਕੰਮ ਨੂੰ ਪੂਰਾ ਕਰਦਾ ਹੈ। ਭਾਵੇਂ ਇੱਕ ਭੀੜ-ਭੜੱਕੇ ਵਾਲੇ ਸ਼ਹਿਰੀ ਈਆਰ ਵਿੱਚ ਹੋਵੇ ਜਾਂ ਇੱਕ ਸ਼ਾਂਤ ਉਪਨਗਰੀ ਕਲੀਨਿਕ ਵਿੱਚ, ਤਾਲ ਮਰੀਜ਼ ਦੀਆਂ ਜ਼ਰੂਰਤਾਂ ਦੁਆਰਾ ਨਿਰਧਾਰਤ ਕੀਤੀ ਜਾਂਦੀ ਹੈ। ਬੌਧਿਕ ਖਿਡਾਰੀ: ਡਾਕਟਰ ਸਦੀਵੀ ਵਿਦਿਆਰਥੀ ਹੁੰਦੇ ਹਨ। ਗੁੰਝਲਦਾਰ ਪ੍ਰਯੋਗਸ਼ਾਲਾਵਾਂ ਦੀ ਵਿਆਖਿਆ ਕਰਨ ਤੋਂ ਲੈ ਕੇ ਨਵੀਨਤਮ ਫਾਰਮਾਸਿਊਟੀਕਲ ਸਫਲਤਾਵਾਂ ਬਾਰੇ ਅੱਪਡੇਟ ਰਹਿਣ ਤੱਕ, ਮਾਨਸਿਕ ਬੋਝ ਨਿਰੰਤਰ ਰਹਿੰਦਾ ਹੈ। ਭਾਵਨਾਤਮਕ ਐਂਕਰ: ਵਿਗਿਆਨ ਤੋਂ ਪਰੇ, ਡਾਕਟਰ ਸੋਗ ਅਤੇ ਉਮੀਦ ਦੇ ਅਨੁਵਾਦਕ ਵਜੋਂ ਕੰਮ ਕਰਦੇ ਹਨ। ਇਹ ਉਹ ਲੋਕ ਹਨ ਜੋ ਜ਼ਿੰਦਗੀ ਬਦਲਣ ਵਾਲੇ ਨਿਦਾਨ ਕਰਦੇ ਹਨ ਅਤੇ ਇੱਕ ਰਾਹਤ ਭਰੇ ਪਰਿਵਾਰ ਨਾਲ "ਸਾਫ਼" ਸਕੈਨ ਦਾ ਜਸ਼ਨ ਮਨਾਉਂਦੇ ਹਨ। ਫੈਸਲਾ ਲੈਣ ਵਾਲਾ: ਹਰ ਦਿਨ ਉੱਚ-ਦਾਅ ਵਾਲੀਆਂ ਚੋਣਾਂ ਦੀ ਇੱਕ ਲੜੀ ਸ਼ਾਮਲ ਹੁੰਦੀ ਹੈ। ਦਬਾਅ ਹੇਠ, ਇੱਕ ਡਾਕਟਰ ਨੂੰ ਕਲੀਨਿਕਲ ਦਿਸ਼ਾ-ਨਿਰਦੇਸ਼ਾਂ ਨੂੰ ਮਨੁੱਖੀ ਜੀਵਨ ਦੀ ਵਿਲੱਖਣ, ਅਕਸਰ ਗੰਦੀ ਹਕੀਕਤ ਨਾਲ ਸੰਤੁਲਿਤ ਕਰਨਾ ਚਾਹੀਦਾ ਹੈ। ਲੁਕੀਆਂ ਹੋਈਆਂ ਚੁਣੌਤੀਆਂ ਭਾਵੇਂ ਇਨਾਮ ਮਹੱਤਵਪੂਰਨ ਹਨ, ਪਰ ਮੈਡੀਕਲ ਕਰੀਅਰ ਲਈ "ਪ੍ਰਵੇਸ਼ ਦੀ ਲਾਗਤ" ਬਹੁਤ ਜ਼ਿਆਦਾ ਹੈ। ਪੇਸ਼ੇ ਨੂੰ ਪਰਿਭਾਸ਼ਿਤ ਕਰਨ ਵਾਲੀਆਂ ਰੁਕਾਵਟਾਂ ਨੂੰ ਸਵੀਕਾਰ ਕਰਨਾ ਬਹੁਤ ਜ਼ਰੂਰੀ ਹੈ

Now Open New Banquet Hall in Sacramento
For more info: Contact Paul : (916)334-6000




JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com

# ਭ੍ਰਿਸ਼ਟ ਇਨਸਾਫ਼

ਸੱਥਾਂ ਨੂੰ ਪਈਆਂ ਦੰਦਲਾਂ, ਖਾਮੋਸ਼ ਨੇ ਸਭ ਅਦਾਲਤਾਂ,
ਕੇਸਾਂ ਦੇ ਲੱਗੇ ਢੇਰਾਂ ਪਿੱਛੇ, ਲੁਕੀਆਂ ਨੇ ਸ਼ਰਾਰਤਾਂ।
ਕਾਨੂੰਨ ਕਿਤਾਬ ਵਿੱਚ ਤੜਫਦਾ, ਸਫੇ ਖੁੱਲ੍ਹਣ ਨੂੰ ਲੋਚਦੇ,
ਗ਼ਰਦ ਦੀਆਂ ਪਰਤਾਂ ਦੇ ਵਿੱਚ, ਤੜਪ ਰਹੀਆਂ ਨੇ ਖਾਹਿਸ਼ਾਂ।
ਰਿਸ਼ਵਤਾਂ ਦੀ ਤੇਜ਼ ਗੋਲੀ, ਚੀਰਦੀ ਹੈ ਹਰ ਦੀਵਾਰ,
ਇਨਸਾਫ ਦੀ ਉਡੀਕ ਵਿੱਚ, ਹਨ ਕਈ ਜੇਲ੍ਹਾਂ 'ਤੇ ਬੈਰਕਾਂ।
ਮੁਨਸਫੀ ਗੋਦਾਮਾਂ ਵਿੱਚ, ਧਨ ਦੀਆਂ ਧਾਂਕਾਂ ਅਥਾਹ,
ਸਾੜ ਨਾ ਸਕੀਆਂ ਸਾੜ ਕੇ ਵੀ, ਬੇਵੱਸ, ਲਾਚਾਰ ਆਤਿਸ਼ਾਂ।
ਪੇਟਾਂ ਵਿੱਚ ਪਲ ਰਿਹਾਂ ਨੂੰ, ਅਦਾਲਤਾਂ ਉਡੀਕਣ ਨਿੱਤ,
ਪੈਰ ਪੈਰ 'ਤੇ ਘੜੀਆਂ ਜਾਣ, ਰੋਜ਼ ਨਵੀਆਂ ਸਾਜ਼ਿਸ਼ਾਂ।
ਇਨਸਾਫ਼ ਨੂੰ ਦਮ ਤੋੜਦੇ ਹੋਏ, ਦੇਖ ਕੇ ਨੇ ਹਸਦੀਆਂ,
ਬੇ ਕਿਰਕ 'ਤੇ ਖ਼ੌਫ਼ਨਾਕ, ਨਿੱਤ ਅਦਾਲਤੀ ਮਹਿਫਲਾਂ।
ਇਨਸਾਨ ਦੀ ਇਨਸਾਨੀਅਤ ਨੂੰ, ਹੋਰ ਖੁਰਨੋ ਰੋਕਣ ਲਈ,
ਆਓ ਰਲ ਕਰ ਦੇਖੀਏ, ਕਾਮਯਾਬ ਆਪਣੀਆਂ ਆਜਿਜ਼ਾਂ।
ਰਸਤੇ ਭਾਵੇਂ ਹੋਣ ਬਿਖੜੇ, 'ਤੇ ਮੰਜ਼ਿਲਾਂ ਭਾਵੇਂ ਹੋਣ ਦੂਰ,
ਪਰ ਸਰ ਕਰਨ ਲਈ ਇਹ ਨਹੀਂ, ਕੋਈ ਐਸੀਆਂ ਵੀ ਕਹਿਕਸ਼ਾਂ।




# ਬੰਦੇ ਦੇ ਰੰਗ

ਝੂਠ ਨੂੰ ਇਹ ਸੱਚ ਬਣਾਉਂਦਾ
ਸੱਚ ਨੂੰ ਝੂਠ ਦਿਖਾਉਂਦਾ
ਤਰੀਕੇ ਕਮਾਲ ਨੇ
ਬੰਦੇ ਦੇ ਰੰਗ ਵੇਖ ਕੇ
ਗਿਰਗਿਟ ਵੀ ਹੈਰਾਨ ਨੇ।
ਮੂੰਹ ਤੋਂ ਰੱਬ ਦਾ ਨਾਮ ਹੈ ਲੈਂਦਾ
ਬਗਲ ਵਿੱਚ ਛੁਰੀ ਵੀ ਰੱਖਦਾ
ਛੱਡ ਦਿਓ ਨਸ਼ਾ ਲੋਕੋ ਕਹਿ ਕੇ
ਖੁਦ ਨਸ਼ੇ ਦਾ ਸਵਾਦ ਵੀ ਚੱਖਦਾ,
ਤੁਰੇ ਜਾਂਦੇ ਦੀ ਲੁੱਟ ਹੋ ਜਾਏ
ਕਿਸੇ ਨੂੰ ਦੱਸੇ ਆਪਣੀ ਹੱਡ ਬੀਤੀ
ਥਾਂ ਥਾਂ ਲਾ ਕੇ ਸੀਸੀਟੀਵੀ
ਬੰਦੇ ਤੋਂ ਬੰਦੇ ਨੇ ਰਾਖੀ ਕੀਤੀ,
ਗੱਲ ਕਹਿ ਕੇ ਅਮਲ ਨਾ ਕਰਨਾ
ਰੀਤ ਹੁਣ ਆਮ ਹੋ ਗਈ
ਮਿਲਾਵਟ ਕਰਕੇ ਚੀਜ਼ ਵੇਚਣੀ
ਬੰਦੇ ਦੀ ਲੁੱਟ ਸ਼ਰੇਆਮ ਹੋ ਗਈ,
ਮੂੰਹ ਤੇ ਮੀਆਂ ਮਿੱਠੂ ਬਣਦਾ
ਪਿੱਠ ਤੇ ਕਰ ਜਾਵੇ ਵਾਰ
ਧਰਮਿੰਦਰ ਨੂੰ ਵੀ ਸਮਝ ਨਾ ਆਵੇ
ਕੈਸਾ ਹੋਇਆ ਬੰਦੇ ਦਾ ਕਿਰਦਾਰ,
ਸੱਚੇ ਦੀ ਇਸ ਦੁਨੀਆ ਅੰਦਰ
ਝੂਠੇ ਕਿਉਂ ਪ੍ਰਧਾਨ ਨੇ
ਬੰਦੇ ਦੇ ਰੰਗ ਵੇਖ ਕੇ
ਗਿਰਗਿਟ ਵੀ ਹੈਰਾਨ ਨੇ।

**ਧਰਮਿੰਦਰ ਸਿੰਘ**
**ਮੰਨਵੀ (ਲੈਕਚਰਾਰ),**
**ਸਸਸਸ ਦੰਦਰਾਲਾ ਢੀਂਡਸਾ**
**(ਪਟਿਆਲਾ)**

LARRY T. NIERMEYER



Attorney at Law

OFFERING SERVICES IN THE FOLLOWING AREAS



1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation



PHONE: (209) 574-9447

1420 F STREET ST_ 2ND FLOOR MODESTO, CA 95354

Email : ltniermeyer@aol.com


TAKE CONTROL
OF YOUR HEALTH!
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336